



# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ





PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 | Issue : 10 | Chief Editor : Chowdhary Prabhjit Singh, | Editor : Chhatarpal Singh 98145-32807, | Friday 19 June 2026 | Price : 2 Rs. | Page : 6

## ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ ਭਾਜਪਾ ਆਗੂ; ਕੇਵਲ ਸਿੰਘ ਢਿੱਲੋਂ ਤੇ ਤਰੁਣ ਚੁੱਘ



**ਅੰਮ੍ਰਿਤਸਰ, 18 ਜੂਨ**
**-ਸ਼.ਅ.ਬਿਓਰੋ-**

ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਰਾਜ ਸਭਾ ਦੇ ਮੈਂਬਰ ਚੁਣੇ ਗਏ ਤਰੁਣ ਚੁੱਘ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਗੁਰੂ ਘਰ ਦਾ ਸ਼ੁਕਰਾਨਾ ਕੀਤਾ ਹੈ। ਪੰਜਾਬ ਭਾਜਪਾ ਦੇ ਨਵੇਂ ਬਣੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਆਖਿਆ ਕਿ ਉਹ ਪੰਜਾਬ ਵਿੱਚ ਮਹਾਰਾਜਾ ਰਣਜੀਤ ਸਿੰਘ ਦੇ ਖ਼ਾਲਸਾ ਰਾਜ ਵਾਂਗ ਹੀ ਭਾਜਪਾ ਦੀ ਸਰਕਾਰ ਸਥਾਪਿਤ ਕਰਨਗੇ, ਜਿਸ ਵਿੱਚ ਸਾਰਿਆਂ ਦੇ ਬਰਾਬਰ ਹੱਕ ਹੋਣਗੇ। ਉਨ੍ਹਾਂ ਆਖਿਆ ਕਿ ਭਾਜਪਾ ਪੰਜਾਬ ਵਿੱਚ ਆਪਣੇ ਦਮ ’ਤੇ 117 ਵਿਧਾਨ ਸਭਾ ਹਲਕਿਆਂ ਵਿੱਚ ਚੋਣ ਲੜੇਗੀ।

ਭਾਜਪਾ ਦੇ ਕੌਮੀ ਸਕੱਤਰ ਅਤੇ ਰਾਜ ਸਭਾ ਮੈਂਬਰ ਚੁਣੇ ਗਏ ਤਰੁਣ ਚੁੱਘ ਨੇ ਦੱਸਿਆ ਕਿ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਉਨ੍ਹਾਂ ਵੱਲੋਂ ਸਾਂਝੇ ਤੌਰ ’ਤੇ ਅੱਜ ਪ੍ਰਧਾਨ ਮੰਤਰੀ ਨੂੰ ਇੱਕ ਪੱਤਰ ਭੇਜਿਆ ਜਾਵੇਗਾ, ਜਿਸ ਰਾਹੀਂ ਉਨ੍ਹਾਂ ਨੂੰ ਪਾਕਿਸਤਾਨ ਵਿੱਚ ਘੱਟ ਗਿਣਤੀ ਭਾਈਚਾਰੇ ਦੀ ਸੁਰੱਖਿਆ ਲਈ ਯਤਨ ਕਰਨ ਵਾਸਤੇ ਅਪੀਲ ਕੀਤੀ ਜਾਵੇਗੀ। ਉਨ੍ਹਾਂ ਆਖਿਆ ਕਿ ਖੈਬਰ ਪਖਤੂਨਖਵਾ ਦੇ ਇਲਾਕੇ ਦੇ ਇੱਕ ਗੁਰਦੁਆਰੇ ਵਿੱਚ ਪਤੀ-ਪਤਨੀ ਨੂੰ ਗੋਲੀ ਮਾਰ ਕੇ ਹਲਾਕ ਕਰ ਦਿੱਤਾ ਗਿਆ, ਜੋ ਕਿ ਨਿੰਦਣਯੋਗ ਕਾਰਵਾਈ ਹੈ। ਉਨ੍ਹਾਂ ਆਖਿਆ ਕਿ ਪਾਕਿਸਤਾਨ ਵਿੱਚ ਘੱਟ ਗਿਣਤੀ ਭਾਈਚਾਰਾ ਸੁਰੱਖਿਅਤ ਨਹੀਂ ਹੈ। ਉਨ੍ਹਾਂ ਆਖਿਆ ਕਿ ਵੰਡ ਵੇਲੇ ਪਾਕਿਸਤਾਨ ਵਿੱਚ ਰਹਿ ਗਏ ਹਿੰਦੂ ਅਤੇ ਸਿੱਖ ਭਾਈਚਾਰੇ ਦੇ ਲੋਕਾਂ ਦੀ ਆਬਾਦੀ ਪਾਕਿਸਤਾਨ ਵਿੱਚ ਲਗਾਤਾਰ ਘਟਦੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅੱਜ ਸ਼ਹੀਦੀ ਪੁਰਬ ਮੌਕੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦਾ ਆਸ਼ੀਰਵਾਦ ਲਿਆ ਅਤੇ ਪ੍ਰਣ ਕੀਤਾ ਕਿ ਭਾਜਪਾ ਵੱਲੋਂ ਪੰਜਾਬ ਵਿੱਚ ਧਰਮ ਪਰਿਵਰਤਨ ਦੀ ਚੱਲ ਰਹੀ ਲਹਿਰ ਅਤੇ ਗੈਂਗਸਟਰਵਾਦ ਦੀ ਵੱਧ ਰਹੀ ਦਹਿਸ਼ਤਗਰਦੀ ਨੂੰ ਰੋਕਿਆ ਜਾਵੇਗਾ।

**ਮੁੱਖ ਮੰਤਰੀ ਭਗਵੰਤ ਮਾਨ ਦੇ ਵੀਡੀਓ ਵਿਵਾਦ ’ਤੇ ਪ੍ਰਤੀਕਿਰਿਆ**

ਵਿਵਾਦਤ ਵੀਡੀਓ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਗੁਰੂ ਦੋਖੀ ਅਤੇ ਪੰਥ ਵਿਰੋਧੀ ਕਰਾਰ ਦਿੱਤੇ ਜਾਣ ਦੇ ਮਾਮਲੇ ਵਿੱਚ ਭਾਜਪਾ ਆਗੂਆਂ ਨੇ ਆਖਿਆ ਕਿ ਉਹ ਇਸ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਦੇ ਪਿੱਛੇ ਖੜ੍ਹੇ ਹਨ। ਆਮ ਆਦਮੀ ਪਾਰਟੀ ਵੱਲੋਂ ਅੱਜ ਇਸ ਵਿਵਾਦਤ ਵੀਡੀਓ ਬਾਰੇ ਕੀਤੇ ਗਏ ਦਾਅਵੇ ਨੂੰ ਉਨ੍ਹਾਂ ਆਖਿਆ ਕਿ ‘ਇੱਕ ਤਾਂ ਚੋਰੀ ਅਤੇ ਦੂਜਾ ਸੀਨਾਜ਼ੋਰੀ’। ਉਨ੍ਹਾਂ ਆਖਿਆ ਕਿ ਭਗਵੰਤ ਮਾਨ ਜਦੋਂ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਦੇ ਕੋਲ ਆਏ ਸਨ ਤਾਂ ਉਸ ਵੇਲੇ ਉਨ੍ਹਾਂ ਆਖਿਆ ਸੀ ਕਿ ਉਹ ਇਸ ਦੀ ਜਾਂਚ ਕਰਵਾ ਸਕਦੇ ਹਨ। ਹੁਣ ਜਦੋਂ ਸ੍ਰੀ ਅਕਾਲ ਤਖ਼ਤ ਵੱਲੋਂ ਦੇਸ਼ ਦੀਆਂ ਮਾਨਤਾ ਪ੍ਰਾਪਤ ਦੋ ਲੈਬਾਰਟਰੀਆਂ ਤੋਂ ਜਾਂਚ ਕਰਵਾਈ ਗਈ ਹੈ ਅਤੇ ਇਹ ਵੀਡੀਓ ਸਹੀ ਪਾਈ ਗਈ ਹੈ ਤਾਂ ਹੁਣ ਉਸ ਦਾ ਵਿਰੋਧ ਕੀਤਾ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਗਲਤੀ ਮੰਨਣ ਦੀ ਥਾਂ ਆਮ ਆਦਮੀ ਪਾਰਟੀ ਵੱਲੋਂ ਸੀਨਾਜ਼ੋਰੀ ਕੀਤੀ ਜਾ ਰਹੀ ਹੈ, ਜੋ ਕਿ ਨਿੰਦਣਯੋਗ ਹੈ।

ਭਾਜਪਾ ਦੇ ਕੌਮੀ ਪ੍ਰਧਾਨ ਦੀ ਆਮਦ ਸਬੰਧੀ ਉਨ੍ਹਾਂ ਆਖਿਆ ਕਿ ਉਹ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਆ ਰਹੇ ਹਨ।

## ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਸੱਚ, ਹਿੰਮਤ ਅਤੇ ਮਨੁੱਖਤਾ ਦੀ ਰੱਖਿਆ ਦਾ ਅਮਰ ਸੰਦੇਸ਼ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ, 18 ਜੂਨ**
**-ਮਨੋਜ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਚਮ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਭਾਰਤੀ ਇਤਿਹਾਸ ਵਿੱਚ ਸੱਚ, ਧਰਮ, ਮਨੁੱਖਤਾ ਅਤੇ ਅਧਿਆਤਮਕ ਸ਼ਕਤੀ ਦੀ ਇੱਕ ਵਿਲੱਖਣ ਮਿਸਾਲ ਹੈ। ਉਨ੍ਹਾਂ ਦਾ ਜੀਵਨ ਅਤੇ ਸ਼ਹਾਦਤ ਸਾਨੂੰ ਬੇਇਨਸਾਫ਼ੀ, ਜ਼ੁਲਮ ਅਤੇ ਝੂਠ ਦੇ ਸਾਹਮਣੇ ਕਦੇ ਵੀ ਨਾ ਝੁਕਣ ਦੀ ਪ੍ਰੇਰਣਾ ਦਿੰਦੀ ਹੈ। ਮੁੱਖ ਮੰਤਰੀ ਵੀਰਵਾਰ ਨੂੰ ਪੰਚਕੂਲਾ ਵਿੱਚ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ 420ਵੇਂ ਸ਼ਹੀਦੀ ਦਿਹਾੜੇ ਦੇ ਮੌਕੇ ’ਤੇ ਆਯੋਜਿਤ ਰਾਜ ਪੱਧਰੀ ਸਮਾਗਮ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ’ਤੇ ਗੁਰੂ ਅਰਜਨ ਦੇਵ ਜੀ ਦੇ ਜੀਵਨ ’ਤੇ ਅਧਾਰਿਤ ਇੱਕ ਡਾਕੂਮੈਂਟਰੀ ਫ਼ਿਲਮ ਵੀ ਦਿਖਾਈ ਗਈ। ਇਸ ਦੌਰਾਨ ਮੁੱਖ ਮੰਤਰੀ ਨੇ ਛਬੀਲ ਦੀ ਸੇਵਾ ਵੀ ਕੀਤੀ। ਸਮਾਗਮ ਵਿੱਚ ਹਰਿਆਣਾ ਅਤੇ ਪੰਜਾਬ ਤੋਂ ਕਈ ਸੰਤ-ਮਹਾਂਪੁਰਖ ਪਹੁੰਚੇ ਅਤੇ ਹਰਿਆਣਾ ਸਰਕਾਰ ਵੱਲੋਂ ਕਰਵਾਏ ਗਏ ਇਸ ਸਮਾਗਮ ਦੀ ਸ਼ਲਾਘਾ ਕਰਦੇ ਹੋਏ ਇਸ ਦੇ ਲਈ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਧੰਨਵਾਦ ਪ੍ਰਗਟਾਇਆ।

ਹਰਿਆਣਾ ਸਰਕਾਰ ਵੱਲੋਂ ‘ਸੰਤ ਮਹਾਂਪੁਰਖ ਸਨਮਾਨ ਅਤੇ ਵਿਚਾਰ ਪ੍ਰਸਾਰ ਯੋਜਨਾ’ ਤਹਿਤ ਕਰਵਾਏ ਗਏ ਇਸ ਸਮਾਗਮ ਨੂੰ ਸੰਬੋਧਿਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼੍ਰੀ ਮਾਤਾ ਮਨਸਾ ਦੇਵੀ ਅਤੇ ਸ਼੍ਰੀ ਨਾਢਾ ਸਾਹਿਬ ਦੀ ਪਵਿੱਤਰ ਧਰਤੀ ’ਤੇ ਆਯੋਜਿਤ ਇਸ ਸਮਾਗਮ ਵਿੱਚ ਮੌਜੂਦ ਹੋ ਕੇ ਉਹ ਆਪਣੇ ਆਪ ਨੂੰ ਭਾਗਸ਼ਾਲੀ ਮੰਨਦੇ ਹਨ। ਉਨ੍ਹਾਂ ਨੇ ਗੁਰੂ ਅਰਜਨ ਦੇਵ ਜੀ ਦੇ ਚਰਨਾਂ ਵਿੱਚ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਸਿਰਫ ਸਿੱਖ ਸਮਾਜ ਦੀ ਵਿਰਾਸਤ ਨਹੀਂ, ਸਗੋਂ ਪੂਰੇ ਦੇਸ਼ ਲਈ ਪ੍ਰੇਰਨਾ ਸਰੋਤ ਹੈ।



ਉਨ੍ਹਾਂ ਕਿਹਾ ਕਿ ਭਾਰਤ ਦਾ ਇਤਿਹਾਸ ਤਿਆਗ, ਤਪੱਸਿਆ, ਕੁਰਬਾਨੀ ਅਤੇ ਅਧਿਆਤਮਕ ਬਹਾਦਰੀ ਦੀ ਗੌਰਵਸ਼ਾਲੀ ਪਰੰਪਰਾ ਨਾਲ ਭਰਿਆ ਹੋਇਆ ਹੈ। ਜਦੋਂ-ਜਦੋਂ ਦੇਸ਼, ਧਰਮ, ਸੰਸਕ੍ਰਿਤੀ ਅਤੇ ਮਨੁੱਖਤਾ ’ਤੇ ਸੰਕਟ ਆਇਆ, ਉਦੋਂ-ਉਦੋਂ ਸਾਡੇ ਗੁਰੂਆਂ ਅਤੇ ਸੰਤਾਂ ਨੇ ਆਪਣੀ ਕੁਰਬਾਨੀ ਨਾਲ ਸੱਚ ਅਤੇ ਧਰਮ ਦੀ ਰੱਖਿਆ ਕੀਤੀ। ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਇਸੇ ਮਹਾਨ ਪਰੰਪਰਾ ਦੀ ਸਰਵਉੱਚ ਮਿਸਾਲ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸ਼੍ਰੀ ਗੁਰੂ ਅਰਜਨ ਦੇਵ ਜੀ ਨੇ ਸਮਾਜ ਨੂੰ ਜੋੜਨ ਅਤੇ ਮਨੁੱਖਤਾ ਨੂੰ ਇੱਕ ਧਾਗੇ ਵਿੱਚ ਪਰੋਣ ਦਾ ਮਹਾਨ ਕਾਰਜ ਕੀਤਾ। ਉਨ੍ਹਾਂ ਨੇ ਅੰਮ੍ਰਿਤਸਰ ਵਿੱਚ ਸ਼੍ਰੀ ਹਰਿਮੰਦਰ ਸਾਹਿਬ ਦੀ ਸਥਾਪਨਾ ਕਰਕੇ ਉਸ ਦੇ ਚਾਰਾਂ ਦਿਸ਼ਾਵਾਂ ਵਿੱਚ ਚਾਰ ਦਰਵਾਜ਼ੇ ਬਣਵਾਏ, ਜੋ ਇਸ ਗੱਲ ਦਾ ਪ੍ਰਤੀਕ ਹਨ ਕਿ ਇਹ ਪਵਿੱਤਰ ਅਸਥਾਨ ਕਿਸੇ ਇੱਕ ਜਾਤ, ਵਰਗ ਜਾਂ ਧਰਮ ਲਈ ਨਹੀਂ ਸਗੋਂ ਸਮੁੱਚੀ ਮਨੁੱਖਤਾ ਲਈ ਖੁੱਲ੍ਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸਦੀਆਂ ਪਹਿਲਾਂ ਹੀ ਸਮਾਜਿਕ ਸਾਂਝ, ਸਮਾਨਤਾ ਅਤੇ ‘ਵਸੁਧੈਵ ਕੁਟੁੰਬਕਮ’ ਦੀ ਭਾਵਨਾ ਨੂੰ ਸਾਕਾਰ ਰੂਪ ਦਿੱਤਾ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸੰਤ ਕਬੀਰ, ਸੰਤ ਨਾਮਦੇਵ, ਬਾਬਾ ਫਰੀਦ ਅਤੇ ਸੰਤ ਰਵਿਦਾਸ ਸਮੇਤ ਵੱਖ-ਵੱਖ ਸੰਤਾਂ ਦੀ ਬਾਣੀ ਨੂੰ ਇਕੱਤਰ ਕਰਕੇ ਗੁਰੂ ਅਰਜਨ ਦੇਵ ਜੀ ਨੇ ਭਾਰਤ ਦੀ ਵਿਭਿੰਨਤਾ ਨੂੰ ਏਕਤਾ ਦੇ ਧਾਗੇ ਵਿੱਚ ਬੰਨ੍ਹਣ ਦਾ ਬੇਮਿਸਾਲ ਕਾਰਜ ਕੀਤਾ। ਗੁਰੂ ਗ੍ਰੰਥ ਸਾਹਿਬ ਅੱਜ ਵੀ ਪੂਰੀ ਮਨੁੱਖਤਾ ਲਈ ਅਧਿਆਤਮਕ ਚਾਨਣ ਥੰਮ੍ਹ ਵਜੋਂ ਮਾਰਗਦਰਸ਼ਨ ਕਰ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦੀ ਦਿਹਾੜਾ ਸਿਰਫ ਸ਼ਰਧਾਂਜਲੀ ਦੇਣ ਦਾ ਮੌਕਾ ਨਹੀਂ, ਸਗੋਂ ਆਤਮ-ਚਿੰਤਨ ਦਾ ਵੀ ਮੌਕਾ ਹੈ। ਉਨ੍ਹਾਂ ਕਿਹਾ ਕਿ ਜਦੋਂ ਅਸੀਂ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਨੂੰ ਯਾਦ ਕਰਦੇ ਹਾਂ ਤਾਂ ਮਾਣ ਦੇ ਨਾਲ-ਨਾਲ ਉਨ੍ਹਾਂ ਤਸੀਹਿਆਂ ਦਾ ਚੇਤਾ ਵੀ ਆਉਂਦਾ ਹੈ, ਜੋ ਉਨ੍ਹਾਂ ਨੇ ਧਰਮ ਅਤੇ ਸੱਚ ਦੀ ਰੱਖਿਆ ਲਈ ਸਹਿਣ ਕੀਤੇ। ਉਨ੍ਹਾਂ ਕਿਹਾ ਕਿ ਤਤਕਾਲੀ ਮੁਗਲ ਸ਼ਾਸਕ ਜਹਾਂਗੀਰ ਦੀ ਹਕੂਮਤ ਗੁਰੂ ਸਾਹਿਬ ਦੇ ਵਧਦੇ ਪ੍ਰਭਾਵ ਅਤੇ ਅਧਿਆਤਮਕ ਜਾਗ੍ਰਿਤੀ ਤੋਂ ਡਰ ਗਈ ਸੀ। ਉਨ੍ਹਾਂ ਨੂੰ ਲਾਹੌਰ ਵਿੱਚ ਬੰਦੀ ਬਣਾ ਕੇ ਅਣਮਨੁੱਖੀ ਤਸੀਹੇ ਦਿੱਤੇ ਗਏ, ਪਰ ਉਨ੍ਹਾਂ ਨੇ ਆਪਣੇ ਸਿਧਾਂਤਾਂ ਨਾਲ ਸਮਝੌਤਾ ਨਹੀਂ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਤਪਦੀ ਤਵੀ ’ਤੇ ਬਿਠਾਉਣਾ, ਸਰੀਰ ’ਤੇ ਗਰਮ ਰੇਤ ਪਾਉਣਾ ਅਤੇ ਅਸਹਿ ਪੀੜ ਦੇਣਾ ਜ਼ੁਲਮ ਦੀ ਹੱਦ ਸੀ, ਪਰ ਗੁਰੂ ਸਾਹਿਬ ਦੇ ਚਿਹਰੇ ’ਤੇ ਕੋਈ ਸ਼ਿਕਨ ਨਹੀਂ ਆਈ। ਉਨ੍ਹਾਂ ਨੇ ‘ਤੇਰਾ ਕੀਆ ਮੀਠਾ ਲਾਗੇ’ ਦਾ ਉਚਾਰਨ ਕਰਦਿਆਂ ਪ੍ਰਮਾਤਮਾ ਦੇ ਭਾਣੇ ਨੂੰ ਪ੍ਰਵਾਨ ਕੀਤਾ। ਇਹ ਘਟਨਾ ਕੇਵਲ ਸ਼ਹਾਦਤ ਨਹੀਂ ਸਗੋਂ ਅਧਿਆਤਮਕ ਧੀਰਜ, ਆਤਮਿਕ ਬਲ ਅਤੇ ਪ੍ਰਮਾਤਮਾ ਪ੍ਰਤੀ ਅਟੁੱਟ ਵਿਸ਼ਵਾਸ ਦੀ ਸਰਵਉੱਚ ਮਿਸਾਲ ਹੈ। ਉਨ੍ਹਾਂ ਕਿਹਾ ਕਿ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਸਾਨੂੰ ਸਿਖਾਉਂਦੀ ਹੈ ਕਿ ਸੱਚ, ਨਿਆਂ ਅਤੇ ਸੰਸਕ੍ਰਿਤੀ ਦੀ ਰੱਖਿਆ ਲਈ ਕਦੇ ਵੀ ਸਮਝੌਤਾ ਨਹੀਂ ਕਰਨਾ ਚਾਹੀਦਾ। ਅੱਜ ਜਦੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਵਿਕਸਿਤ ਭਾਰਤ ਦੇ ਨਿਰਮਾਣ ਦੀ ਦਿਸ਼ਾ ਵਿੱਚ ਅੱਗੇ ਵਧ ਰਿਹਾ ਹੈ, ਉਦੋਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਸਾਡੇ ਲਈ ਮਾਰਗਦਰਸ਼ਕ ਸ਼ਕਤੀ ਹਨ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਦੀ ਧਰਤੀ ਸੰਤਾਂ, ਗੁਰੂਆਂ ਅਤੇ ਯੋਧਿਆਂ ਦੀ ਭੂਮੀ ਰਹੀ ਹੈ। ਇੱਥੋਂ ਦੀ ਮਿੱਟੀ ਵਿੱਚ ਗੀਤਾ ਦਾ ਗਿਆਨ ਵੀ ਹੈ ਅਤੇ ਗੁਰੂਆਂ ਦੀਆਂ ਕੁਰਬਾਨੀਆਂ ਦੀ ਖੁਸ਼ਬੂ ਵੀ। ਇਸੇ ਵਿਰਾਸਤ ਨੂੰ ਅੱਗੇ ਵਧਾਉਣ ਲਈ ਰਾਜ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਭਰ ਵਿੱਚ ਸਿੱਖ ਗੁਰੂਆਂ ਦੇ ਯੋਗਦਾਨ ਅਤੇ ਕੁਰਬਾਨੀ ਨੂੰ ਸਨਮਾਨ ਦੇਣ ਦਾ ਕਾਰਜ ਕੀਤਾ ਜਾ ਰਿਹਾ ਹੈ।

## ਯੂ.ਐਸ- ਇਰਾਨ ਸ਼ਾਂਤੀ ਸਮਝੌਤੇ ਮਗਰੋਂ ਤੁਰੰਤ ਖੁੱਲ੍ਹੇਗਾ ਹੋਰਮੁਜ਼ ਜਲਮਾਰਗ, ਪਾਕਿਸਤਾਨ ਬਣਿਆ ਮੁੱਖ ਵਿਚੋਲਾ

**ਇਸਲਾਮਾਬਾਦ, 18 ਜੂਨ**
**-ਸ਼.ਅ.ਬਿਓਰੋ-**

ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਵੀਰਵਾਰ ਨੂੰ ਪੱਛਮੀ ਏਸ਼ੀਆ ਵਿੱਚ ਸ਼ਾਂਤੀ ਬਹਾਲ ਕਰਨ ਲਈ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਅਤੇ ਇਰਾਨ ਦੇ ਸਰਬਉੱਚ ਆਗੂ ਮੁਜਤਬਾ ਖਮੇਨੀ ਦੀ ਸ਼ਲਾਘਾ ਕੀਤੀ, ਜਦੋਂ ਉਨ੍ਹਾਂ ਨੇ ਐਲਾਨ ਕੀਤਾ ਕਿ ਦੋਵਾਂ ਧਿਰਾਂ ਨੇ ‘ਇਤਿਹਾਸਕ’ ਇਸਲਾਮਾਬਾਦ ਸਮਝੌਤਾ (Memorandum of Understanding) ਪੂਰਾ ਕਰ ਲਿਆ ਹੈ। ਸ਼ਰੀਫ ਨੇ ਚੋਟੀ ਦੇ ਅਮਰੀਕੀ ਅਤੇ ਇਰਾਨੀ ਆਗੂਆਂ ਦੀ ਕੂਟਨੀਤੀ ਪ੍ਰਤੀ ਅਟੱਲ ਵਚਨਬੱਧਤਾ ਅਤੇ ਸ਼ਾਂਤੀ ਦੇ ਰਾਹ ਨੂੰ ਅਪਣਾਉਣ ਲਈ ਵੀ ਤਾਰੀਫ਼ ਕੀਤੀ, ਕਿਉਂਕਿ ਉਨ੍ਹਾਂ ਨੇ ਐਲਾਨ ਕੀਤਾ ਕਿ ਇਸ ਦਸਤਾਵੇਜ਼ ’ਤੇ ਦਸਤਖਤ ਹੋਣ ਨਾਲ ਹੋਰਮੁਜ਼ ਜਲਮਾਰਗ ਤੁਰੰਤ ਖੁੱਲ੍ਹ ਜਾਵੇਗਾ ਅਤੇ ਅਮਰੀਕਾ ਤੁਰੰਤ ਆਪਣੀ ਜਲ ਸੈਨਾ ਦੀ ਨਾਕਾਬੰਦੀ ਹਟਾ ਲਵੇਗਾ।

ਟਰੰਪ ਨੇ ਫਰਾਂਸ ਦੇ ਵਰਸੇਲਜ਼ ਪੈਲੇਸ ਵਿੱਚ ਸਮਝੌਤੇ ’ਤੇ ਦਸਤਖਤ ਕੀਤੇ, ਜਿੱਥੇ ਉਨ੍ਹਾਂ ਨੇ ਜੀ7 ਸੰਮੇਲਨ ਤੋਂ ਬਾਅਦ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਨਾਲ ਰਾਤ ਦਾ ਖਾਣਾ ਖਾਧਾ ਸੀ।

ਜਲਦੀ ਹੀ, ਇਰਾਨੀ ਮੀਡੀਆ ਨੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਦੀਆਂ ਤਸਵੀਰਾਂ ਪੋਸਟ ਕੀਤੀਆਂ ਜਿਸ ਵਿੱਚ ਉਹ ਕੈਮਰੇ ਦੇ ਸਾਹਮਣੇ ਦਸਤਖਤ ਕੀਤੇ ਦਸਤਾਵੇਜ਼ ਦੀ ਇੱਕ ਕਾਪੀ ਫੜੇ ਹੋਏ ਸਨ। ਇਹ ਵਿਆਪਕ ਤੌਰ ’ਤੇ ਰਿਪੋਰਟ ਕੀਤੀ ਗਈ ਹੈ ਕਿ ਮੁੱਖ ਵਿਚੋਲਾ ਪਾਕਿਸਤਾਨ ਸਵਿਟਜ਼ਰਲੈਂਡ ਵਿੱਚ ਸਮਝੌਤੇ ’ਤੇ ਦਸਤਖਤ ਕਰੇਗਾ, ਜਿੱਥੇ ਸ਼ੁੱਕਰਵਾਰ ਨੂੰ ਇੱਕ ਰਸਮੀ ਸਮਾਰੋਹ ਹੋਣ ਵਾਲਾ ਹੈ। ਵੀਰਵਾਰ ਨੂੰ ਸ਼ਰੀਫ ਨੇ ਕਿਹਾ ਕਿ ਸਬੰਧਤ ਸਰਕਾਰਾਂ ਦੇ ਉੱਚ ਪੱਧਰ ’ਤੇ ਸਮਝੌਤੇ ’ਤੇ ਦਸਤਖ਼ਤ ਕਰਨਾ ਸੰਘਰਸ਼ ਦੇ ਕੂਟਨੀਤਕ ਹੱਲ ਲਈ ਦੋਵਾਂ ਪੱਖਾਂ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ, ਕਿਉਂਕਿ ਉਨ੍ਹਾਂ ਨੇ ਸਾਊਦੀ ਅਰਬ, ਕਤਰ, ਤੁਰਕੀ ਅਤੇ ਮਿਸਰ ਵਰਗੇ ਹੋਰ ਪੱਛਮੀ ਏਸ਼ੀਆਈ ਦੇਸ਼ਾਂ ਦਾ ਵੀ ਧੰਨਵਾਦ ਕੀਤਾ।

## ਇਤਰਾਜ਼ਯੋਗ ਵੀਡੀਓ ਮਾਮਲਾ: ‘ਆਪ’ ਵੱਲੋਂ ਦੋ ਲੈਬਾਰਟਰੀਆਂ ਦੀ ਰਿਪੋਰਟ ਪੇਸ਼; ਵੀਡੀਓ ’ਚ ਭਗਵੰਤ ਮਾਨ ਨਾ ਹੋਣ ਦਾ ਦਾਅਵਾ

### ਵਿਵਾਦਤ ਵੀਡੀਉ ਦੀ ਜਾਂਚ ਸਬੰਧੀ ਡੀ ਜੀ ਪੀ ਨੂੰ ਮਿਲੇਗਾ ਆਮ ਆਦਮੀ ਪਾਰਟੀ ਦਾ ਵਫ਼ਦ: ਆਗੂ

**ਮੁਹਾਲੀ, 18 ਜੂਨ**
**-ਸ਼.ਅ.ਬਿਓਰੋ-**

ਆਮ ਆਦਮੀ ਪਾਰਟੀ ਵੱਲੋਂ ਅੱਜ ਮੁਹਾਲੀ ਵਿਖੇ ਇੱਕ ਪ੍ਰੈਸ ਕਾਨਫਰੰਸ ਕਰਕੇ ਐਲਾਨ ਕੀਤਾ ਗਿਆ ਕਿ ਪਿਛਲੇ ਦਿਨੀਂ ਮੁੱਖ ਮੰਤਰੀ ਭਗਵੰਤ ਮਾਨ ਸਬੰਧੀ ਵਾਇਰਲ ਹੋਈ ਵਿਵਾਦਤ ਵੀਡੀਓ ਬਾਰੇ ਉੱਚ ਪੱਧਰੀ ਜਾਂਚ ਦੀ ਮੰਗ ਕਰਨ ਲਈ ਪਾਰਟੀ ਦਾ ਇੱਕ ਵਫਦ ਅੱਜ ਡੀਜੀਪੀ ਪੰਜਾਬ ਨੂੰ ਮਿਲੇਗਾ।



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਪਾਰਟੀ ਦੇ ਬੁਲਾਰੇ ਬਲਤੇਜ ਪੰਨੂ ਵੱਲੋਂ ਕੀਤੀ ਪ੍ਰੈਸ ਕਾਨਫਰੰਸ ਵਿੱਚ ਕਿਹਾ ਗਿਆ ਕਿ ਵਿਵਾਦਤ ਵੀਡੀਓ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੇ ਹੋਣ ਦਾ ਕੀਤਾ ਗਿਆ ਜ਼ਿਕਰ ਅਕਾਲੀ ਦਲ ਵੱਲੋਂ ਸਾਜ਼ਿਸ਼ ਤਹਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਵਾਦਗ੍ਰਸਤ ਵੀਡੀਓ ਭਾਰਤ ਦੀਆਂ ਦੋ ਪ੍ਰਮੁੱਖ ਲੈਬਾਰਟਰੀਆਂ ਵਿੱਚ ਚੈੱਕ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਤੋਂ ਬਾਹਰਲੇ ਸੂਬਿਆਂ ਵਿਚ ਚੈੱਕ ਕਰਵਾਈ ਗਈ ਵੀਡੀਓ ਵਿੱਚ ਮੌਜੂਦ ਵਿਅਕਤੀ ਦੀ 1191 ਐਂਗਲਾਂ ਤੋਂ ਪੜਤਾਲ ਕੀਤੀ ਗਈ ਹੈ। ਜਿਸ ਵਿੱਚ ਦੋਵਾਂ ਲੈਬਾਰਟਰੀਆਂ ਨੇ ਇਹ ਰਿਪੋਰਟ ਦਿੱਤੀ ਹੈ ਕਿ ਵੀਡੀਓ ਵਿੱਚ ਨਜ਼ਰ ਆ ਰਿਹਾ ਵਿਅਕਤੀ ਮੁੱਖ ਮੰਤਰੀ ਭਗਵੰਤ ਮਾਨ ਨਹੀਂ ਹੈ, ਸਗੋਂ ਕੋਈ ਹੋਰ ਹੈ। ਇਸ ਮੌਕੇ ਦੋਵੇਂ ਆਗੂਆਂ ਨੇ ਅਕਾਲੀ ਦਲ ਉੱਤੇ ਮੁੱਖ ਮੰਤਰੀ ਨੂੰ ਬਦਨਾਮ ਕਰਨ ਦੇ ਦੋਸ਼ ਲਾਉਂਦਿਆਂ ਕਿਹਾ ਕਿ ਇਸ ਵੀਡੀਓ ਪਿੱਛੇ ਅਕਾਲੀ ਦਲ ਅਤੇ ਸੁਖਬੀਰ ਸਿੰਘ ਬਾਦਲ ਅਤੇ ਉਨਾਂ ਦੇ ਸਾਥੀਆਂ ਦਾ ਹੱਥ ਹੈ। ਉਨ੍ਹਾਂ ਕਿਹਾ ਕਿ ਜਦੋਂ ਤੋਂ ਪੰਜਾਬ ਸਰਕਾਰ ਵੱਲੋਂ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਕਾਨੂੰਨ ਬਣਾਇਆ ਗਿਆ ਹੈ ਉਦੋਂ ਤੋਂ ਹੀ ਅਕਾਲੀ ਦਲ ਵੱਲੋਂ ਮੁੱਖ ਮੰਤਰੀ ਨੂੰ ਲਗਾਤਾਰ ਟਾਰਗੇਟ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬਹੁਤ ਵੱਡੀ ਸਾਜਸ਼ ਰਚੀ ਗਈ ਸੀ ਅਤੇ ਮੁੱਖ ਮੰਤਰੀ ਨੂੰ ਬਦਨਾਮ ਕਰਨ ਲਈ ਅਜਿਹਾ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਸੁਖਬੀਰ ਸਿੰਘ ਬਾਦਲ ਪੰਜਾਬ ਦੇ ਮਾਹੌਲ ਨੂੰ ਖਰਾਬ ਕਰਨਾ ਚਾਹੁੰਦੇ ਹਨ ਤੇ ਲੋਕਾਂ ਦੀਆਂ ਭਾਵਨਾਵਾਂ ਨਾਲ ਖੇਡ ਰਹੇ ਹਨ, ਜਿਸ ਨੂੰ ਕਿ ਪੰਜਾਬ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।

ਉਨ੍ਹਾਂ ਅਕਾਲੀ ਦਲ ਦੀ ਸਰਕਾਰ ਸਮੇਂ 1986 ਵਿੱਚ ਨਕੋਦਰ ਅਤੇ 2015 ਵਿੱਚ ਬਰਗਾੜੀ ਤੇ ਬਹਿਬਲ ਕਲਾਂ ਵਿਖੇ ਗੁਰੂ ਗ੍ਰੰਥ ਸਾਹਿਬ ਦੀਆਂ ਹੋਈਆਂ ਬੇਅਦਬੀਆਂ ਅਤੇ ਬੇਦੋਸ਼ੇ ਨੌਜਵਾਨਾਂ ਨੂੰ ਗੋਲੀਆਂ ਮਰਾਉਣ ਦੇ ਦੋਸ਼ ਵੀ ਲਾਏ ਅਤੇ ਕਿਹਾ ਕਿ ਅਕਾਲੀ ਦਲ ਹਮੇਸ਼ਾ ਅਜਿਹੀਆਂ ਸਾਜਸ਼ਾਂ ਰਚਦਾ ਆਇਆ ਹੈ ਜਦੋਂ ਕਿ ਪੰਜਾਬ ਦੇ ਮੁੱਖ ਮੰਤਰੀ ਪੰਜਾਬੀਆਂ ਲਈ ਕੰਮ ਕਰਨ ਨੂੰ ਤਰਜੀਹ ਦੇ ਰਹੇ ਹਨ, ਜਿਸ ਤੋਂ ਅਕਾਲੀ ਦਲ ਅਤੇ ਉਨਾਂ ਦੇ ਚਹੇਤਿਆਂ ਨੂੰ ਤਕਲੀਫ ਹੋ ਰਹੀ ਹੈ।

## ਰਾਜੂ ਖੰਨਾ ਨੇ ਭਗਵੰਤ ਮਾਨ ਦੇ ਬਾਈਕਾਟ ਦੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਦੀ ਕੀਤੀ ਜ਼ੋਰਦਾਰ ਹਮਾਇਤ; ਕਿਹਾ ‘ਗੁਰੂ ਦੋਖੀ ਨੂੰ ਸੰਗਤ ਕਦੇ ਮੂੰਹ ਨਾ ਲਾਵੇ’

**ਮੰਡੀ ਗੋਬਿੰਦਗੜ੍ਹ, 18 ਜੂਨ (ਮਨੋਜ ਵਰਮਾ)** - ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਐਂਟੀ-ਪੰਥ ਅਤੇ ਗੁਰੂ ਦੋਖੀ ਦੱਸਦਿਆਂ ਸਿੱਖ ਸੰਗਤ ਨੂੰ ਉਨ੍ਹਾਂ ਦਾ ਬਾਈਕਾਟ ਕਰਨ ਦੇ ਫ਼ੈਸਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਜ਼ੋਰਦਾਰ ਹਮਾਇਤ ਕੀਤੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜੂ ਖੰਨਾ ਨੇ ਕਿਹਾ ਕਿ ਭਗਵੰਤ ਮਾਨ ਵੱਲੋਂ ਸਿੱਖ ਗੁਰੂਆਂ ਦੀ ਤਸਵੀਰ ’ਤੇ ਸ਼ਰਾਬ ਛਿੜਕਣ ਦੀ ਵੀਡੀਓ ਨਾ ਸਿਰਫ਼ ਡੂੰਘੀ ਪੀੜਾ ਦੇਣ ਵਾਲੀ ਹੈ, ਸਗੋਂ ਇਹ ਇੱਕ ਅਜਿਹੀ ਬੇਅਦਬੀ ਹੈ ਜਿਸ ਨੂੰ ਕਦੇ ਮਾਫ਼ ਨਹੀਂ ਕੀਤਾ ਜਾ ਸਕਦਾ ਅਤੇ ਜਿਸ ਨੇ ਸਮੁੱਚੇ ਸਿੱਖ ਪੰਥ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ।



ਉਨ੍ਹਾਂ ਹੋਰ ਦੱਸਿਆ ਕਿ ਇਹ ਵੀਡੀਓ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭਾਰਤ ਦੀਆਂ ਚੋਟੀ ਦੀਆਂ ਲੈਬਾਰਟਰੀਆਂ ਨੂੰ ਫੋਰੈਂਸਿਕ ਜਾਂਚ ਲਈ ਭੇਜੀ ਗਈ ਸੀ, ਜਿਸ ਤੋਂ ਬਾਅਦ ਇਹ ਨਿਰਣਾਇਕ ਤੌਰ ’ਤੇ ਸਾਬਿਤ ਹੋ ਗਿਆ ਕਿ ਵੀਡੀਓ ਅਸਲੀ ਹੈ ਅਤੇ ਏ ਆਈ ਜਨਰੇਟਿਡ ਨਹੀਂ ਹੈ। ਉਨ੍ਹਾਂ ਦ੍ਰਿੜ੍ਹਤਾ ਨਾਲ ਕਿਹਾ, ÷ਇਹ ਕੋਈ ਝੂਠੀ ਕਲਿੱਪ ਨਹੀਂ, ਇਹ ਸੱਚ ਹੈ ਅਤੇ ਸੱਚ ਨੂੰ ਕਦੇ ਲੁਕਾਇਆ ਨਹੀਂ ਜਾ ਸਕਦਾ।÷ਰਾਜੂ ਖੰਨਾ ਨੇ ਸਮੁੱਚੀ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਉਹ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਦਾ ਸਤਿਕਾਰ ਕਰਦਿਆਂ ਭਵਿੱਖ ਵਿੱਚ ਭਗਵੰਤ ਮਾਨ ਦਾ ਸਮਾਜਿਕ, ਧਾਰਮਿਕ ਅਤੇ ਜਨਤਕ ਸਾਰੇ ਖੇਤਰਾਂ ਵਿੱਚ ਬਾਈਕਾਟ ਕਰਨ। ਉਨ੍ਹਾਂ ਯਾਦ ਦਿਵਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਪੰਥ ਲਈ ਸਰਵਉੱਚ ਹੈ ਅਤੇ ਕੋਈ ਵੀ ਵਿਅਕਤੀ, ਭਾਵੇਂ ਉਹ ਕਿੰਨੇ ਵੀ ਉੱਚੇ ਅਹੁਦੇ ’ਤੇ ਹੋਵੇ, ਇਸ ਦੀ ਅਧਿਕਾਰਤਾ ਨੂੰ ਚੁਣੌਤੀ ਦੇਣ ਜਾਂ ਅਪਮਾਨਿਤ ਕਰਨ ਦਾ ਹੱਕ ਨਹੀਂ ਰੱਖਦਾ। ਅਕਾਲੀ ਆਗੂ ਨੇ ਭਗਵੰਤ ਮਾਨ ਦੇ ਪੰਥ-ਵਿਰੋਧੀ ਵਿਵਹਾਰ ਦਾ ਵੀ ਜ਼ਿਕਰ ਕੀਤਾ ਅਤੇ ਦੱਸਿਆ ਕਿ ਪਹਿਲਾਂ ਵੀ ਮੁੱਖ ਮੰਤਰੀ ਨਸ਼ੇ ਦੀ ਹਾਲਤ ਵਿੱਚ ਗੁਰਦੁਆਰਿਆਂ ਵਿੱਚ ਗਏ ਹਨ ਅਤੇ ਆਪਣੀ ਦਸਤਾਰ ’ਤੇ ਪਾਣੀ ਲਾ ਕੇ ਸਿੱਖ ਕਕਾਰਾਂ ਦੀ ਬੇਅਦਬੀ ਕੀਤੀ ਹੈ।ਰਾਜੂ ਖੰਨਾ ਨੇ ਕਿਹਾ, ÷ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹੁਕਮ ਸਭ ਤੋਂ ਉੱਪਰ ਹੈ। ਜੋ ਗੁਰੂ ਦੇ ਘਰ ਦੀ ਬੇਅਦਬੀ ਕਰੇ, ਜੋ ਕਕਾਰਾਂ ਦੀ ਬੇਅਦਬੀ ਕਰੇ, ਜਿਵੇਂ ਭਗਵੰਤ ਮਾਨ ਨੇ ਕੀਤਾ ਹੈ, ਉਸ ਬੰਦੇ ਦਾ ਸਿੱਖ ਸੰਗਤ ਬਾਈਕਾਟ ਕਰੇ। ਹਰ ਇੱਕ ਸਿੱਖ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਦੀ ਪਾਲਣਾ ਕਰਨੀ ਚਾਹੀਦੀ ਹੈ। ਭਗਵੰਤ ਮਾਨ ਗੁਰੂ ਦੋਖੀ ਹੈ ਅਤੇ ਸਿੱਖ ਪੰਥ ਕਦੇ ਵੀ ਗੁਰੂ ਦੋਖੀ ਨੂੰ ਮਾਫ਼ ਨਹੀਂ ਕਰੇਗਾ।






## ਸੰਪਾਦਕੀ

### ਸੂਚਨਾ ਦਾ ਅਧਿਕਾਰ ਕਾਰਕੁਨ ਵਜੋਂ ਸਰਗਰਮੀ ਹੁਣ ਇੱਕ ਨਵਾਂ ਧੰਦਾ ਬਣੀ

ਦੇਸ਼ ਦੀ ਉੱਚ ਅਦਾਲਤ ਦੀ ਇਹ ਤਿੱਖੀ ਟਿੱਪਣੀ ਕਿ ਆਰ ਟੀ ਆਈ (ਸੂਚਨਾ ਦਾ ਅਧਿਕਾਰ) ਕਾਰਕੁਨ ਵਜੋਂ ਸਰਗਰਮੀ ਹੁਣ ਇੱਕ ਨਵਾਂ ਧੰਦਾ ਬਣ ਗਈ ਹੈ ਨੇ ਜਨਤਕ ਜਵਾਬਦੇਹੀ ਅਤੇ ਇਸ ਕਾਨੂੰਨ ਦੀ ਵਰਤੋਂ ਵੱਲ ਸਭ ਦਾ ਧਿਆਨ ਖਿੱਚਿਆ ਹੈ। ਅਦਾਲਤ ਨੇ ਇੱਕ ਅਜਿਹੇ ਕਾਰਕੁਨ ਦੀ ਅਗਾਊਂ ਜ਼ਮਾਨਤ ਖਾਰਜ ਕਰ ਦਿੱਤੀ ਹੈ, ਜਿਸ ’ਤੇ ਸੜਕ ਬਣਾਉਣ ਦੇ ਕੰਮ ਵਿੱਚ ਲੱਗੇ ਸਰਕਾਰੀ ਮੁਲਾਜ਼ਮ ਦਾ ਰਾਹ ਰੋਕਣ ਅਤੇ ਮਜ਼ਦੂਰਾਂ ਨੂੰ ਜਾਤੀਸੂਚਕ ਸ਼ਬਦ ਬੋਲਣ ਦੇ ਦੋਸ਼ ਹਨ। ਦੋਸ਼ਾਂ ਦੀ ਗੰਭੀਰਤਾ ਨੂੰ ਵੇਖਦਿਆਂ ਅਗਾਊਂ ਜ਼ਮਾਨਤ ਨਾ ਦੇਣਾ ਕਾਨੂੰਨੀ ਤੌਰ ’ਤੇ ਬਿਲਕੁਲ ਸਹੀ ਜਾਪਦਾ ਹੈ, ਪਰ ਆਰ ਟੀ ਆਈ ਮੰਗਣ ਵਾਲੇ ਸਾਰੇ ਲੋਕਾਂ ਬਾਰੇ ਆਮ ਤੌਰ ’ਤੇ ਕੀਤੀਆਂ ਗਈਆਂ ਟਿੱਪਣੀਆਂ ’ਤੇ ਬੜੀ ਸੂਝ-ਬੂਝ ਨਾਲ ਵਿਚਾਰ ਕਰਨ ਦੀ ਲੋੜ ਹੈ। ਇਸ ’ਚ ਕੋਈ ਸ਼ੱਕ ਨਹੀਂ ਕਿ ਕੁਝ ਲੋਕ ਆਪਣੇ ਨਿੱਜੀ ਫ਼ਾਇਦੇ ਲਈ ਸੂਚਨਾ ਦੇ ਅਧਿਕਾਰ (ਆਰ ਟੀ ਆਈ) ਕਾਨੂੰਨ ਦੀ ਨਾਜਾਇਜ਼ ਵਰਤੋਂ ਕਰਦੇ ਹਨ। ਬੇਮਤਲਬ ਦੀਆਂ ਸ਼ਿਕਾਇਤਾਂ, ਦਬਾਅ ਪਾਉਣ ਦੀਆਂ ਨੀਤੀਆਂ ਅਤੇ ਖ਼ੁਦ ਨੂੰ ਕਾਰਕੁਨ ਅਖਵਾਉਣ ਵਾਲਿਆਂ ਦਾ ਇਹ ਰਵੱਈਆ ਸਰਕਾਰੀ ਕੰਮਕਾਜ ਵਿੱਚ ਅੜਿੱਕਾ ਪਾਉਂਦਾ ਹੈ ਅਤੇ ਲੋਕ-ਭਲਾਈ ਦੇ ਪ੍ਰੋਜੈਕਟਾਂ ਵਿੱਚ ਦੇਰੀ ਦਾ ਕਾਰਨ ਬਣਦਾ ਹੈ। ਫਿਰ ਵੀ ਅਜਿਹੀਆਂ ਕਾਰਵਾਈਆਂ ਦੇ ਓਹਲੇ ਸਾਰੇ ਆਰ ਟੀ ਆਈ ਕਾਰਕੁਨਾਂ ਨੂੰ ਇੱਕੋ ਤੱਕੜੀ ਵਿੱਚ ਤੋਲਣਾ ਖ਼ਤਰਨਾਕ ਹੋਵੇਗਾ। ਸਾਲ 2005 ਵਿੱਚ ਬਣਿਆ ਇਹ ਕਾਨੂੰਨ ਅੱਜ ਵੀ ਭਾਰਤ ਦੇ ਲੋਕਤੰਤਰ ਦਾ ਸਭ ਤੋਂ ਵੱਡਾ ਅਤੇ ਬਦਲਾਅ ਲਿਆਉਣ ਵਾਲਾ ਹਥਿਆਰ ਹੈ। ਪਿਛਲੇ ਦੋ ਦਹਾਕਿਆਂ ਵਿੱਚ ਇਸ ਕਾਨੂੰਨ ਨੇ ਵੱਡੇ-ਵੱਡੇ ਘੁਟਾਲੇ ਜੱਗ-ਜ਼ਾਹਿਰ ਕੀਤੇ ਹਨ, ਗੜਬੜੀਆਂ ਉਜਾਗਰ ਕੀਤੀਆਂ ਹਨ ਅਤੇ ਆਮ ਨਾਗਰਿਕਾਂ ਨੂੰ ਹਾਕਮਾਂ ਅੱਗੇ ਸਵਾਲ ਖੜ੍ਹੇ ਕਰਨ ਦੀ ਤਾਕਤ ਦਿੱਤੀ ਹੈ। ਇਸ ਸਚਾਈ ਨੂੰ ਵੀ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ ਕਿ ਭ੍ਰਿਸ਼ਟਾਚਾਰ ਨੂੰ ਬੇਪਰਦ ਕਰਨ ਵਾਲੇ ਕਈ ਸੂਝਵਾਨ ਕਾਰਕੁਨਾਂ (ਵ੍ਹਿਸਲ ਬਲੋਅਰਜ਼) ਨੂੰ ਧਮਕੀਆਂ, ਹਿੰਸਾ ਅਤੇ ਸਮਾਜਿਕ ਬਾਈਕਾਟ ਦਾ ਵੀ ਸਾਹਮਣਾ ਕਰਨਾ ਪਿਆ ਹੈ। ਕਮਾਲ ਦੀ ਗੱਲ ਇਹ ਹੈ ਕਿ ਇਸ ਕਾਨੂੰਨ ਦੀ ਦੁਰਵਰਤੋਂ ਦਾ ਰੌਲਾ ਅਜਿਹੇ ਸਮੇਂ ਪੈ ਰਿਹਾ ਹੈ ਜਦੋਂ ਖ਼ੁਦ ਆਰ ਟੀ ਆਈ ਦਾ ਢਾਂਚਾ ਦਮ ਤੋੜ ਰਿਹਾ ਹੈ। ਦੇਸ਼ ਦੇ ਕਈ ਸੂਚਨਾ ਕਮਿਸ਼ਨਾਂ ਵਿੱਚ ਅਹੁਦੇ ਖਾਲੀ ਹਨ ਅਤੇ ਪੈਂਡਿੰਗ ਕੇਸਾਂ ਢੇਰ ਲੱਗੇ ਹੋਏ ਹਨ, ਜਿਸ ਕਾਰਨ ਲੋਕਾਂ ਨੂੰ ਜਵਾਬ ਲਈ ਲੰਮੀ ਉਡੀਕ ਕਰਨੀ ਪੈਂਦੀ ਹੈ। ਸਰਕਾਰੀ ਅੜਿੱਕਿਆਂ ਅਤੇ ਕਾਨੂੰਨ ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਨੇ ਇਸ ਦਾ ਅਸਰ ਘਟਾ ਦਿੱਤਾ ਹੈ। ਅੱਜ ਲੋਕ-ਹਿੱਤ ਲਈ ਕੀਤੇ ਸੱਚੇ ਯਤਨਾਂ ਅਤੇ ਬਲੈਕਮੇਲਿੰਗ ਜਾਂ ਗ਼ੈਰ-ਕਾਨੂੰਨੀ ਰਵੱਈਏ ਵਿੱਚ ਫ਼ਰਕ ਕਰਨਾ ਬਹੁਤ ਜ਼ਰੂਰੀ ਹੈ। ਜਵਾਬਦੇਹੀ ਹਮੇਸ਼ਾ ਕਾਨੂੰਨ ਅਤੇ ਤਹਿਜ਼ੀਬ ਦੇ ਦਾਇਰੇ ਵਿੱਚ ਹੋਣੀ ਚਾਹੀਦੀ ਹੈ। ਭਾਰਤ ਦਾ ਲੋਕਤੰਤਰ ਨਾ ਤਾਂ ਹੁੜਦੰਗੀ ਕਾਰਕੁਨਾਂ ਦੀਆਂ ਸਰਗਰਮੀਆਂ ਝੱਲ ਸਕਦਾ ਹੈ ਅਤੇ ਨਾ ਹੀ ਭ੍ਰਿਸ਼ਟ ਜਾਂ ਲੁਕਵੇਂ ਤਰੀਕੇ ਨਾਲ ਚੱਲਦਾ ਸਰਕਾਰੀ ਕੰਮਕਾਜ। ਅਸਲ ਚੁਣੌਤੀ ਅਮਨ-ਕਾਨੂੰਨ ਦੀ ਰਾਖੀ ਦੇ ਨਾਲ ਨਾਲ ਨਾਗਰਿਕਾਂ ਦੇ ਜਾਣਕਾਰੀ ਹਾਸਲ ਕਰਨ ਦੇ ਅਧਿਕਾਰ ਨੂੰ ਬਚਾਉਣ ਦੀ ਹੈ।

-ਛੱਤਰਪਾਲ ਸਿਘ

# ਪਾਕਿ ਵਿਚੋਲਗੀ, ਟਰੰਪ ਅਤੇ ਕਸ਼ਮੀਰ

**ਵਿਵੇਕ ਕਾਟਜੂ**



ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ਼ ਨੇ 15 ਜੂਨ ਨੂੰ ਤੜਕਸਾਰ ਪਾਕਿਸਤਾਨ ਦੀ ਨੈਸ਼ਨਲ ਅਸੈਂਬਲੀ (ਸੰਸਦ) ਨੂੰ ਸੰਬੋਧਨ ਕੀਤਾ। ਇਸ ਦੌਰਾਨ ਉਹ ਬੇਹੱਦ ਗਦਗਦ ਨਜ਼ਰ ਆਏ ਅਤੇ ਉਨ੍ਹਾਂ ਦਾਅਵਾ ਕੀਤਾ ਕਿ ਪਾਕਿਸਤਾਨ ਨੇ ਇਰਾਨ ਅਤੇ ਅਮਰੀਕਾ ਵਿਚਾਲੇ ਕਾਮਯਾਬ ਵਿਚੋਲਗੀ ਕਰਵਾਈ ਹੈ। ਇਸ ਕਾਮਯਾਬੀ ਸਦਕਾ ਦੋਵਾਂ ਦੇਸ਼ਾਂ ਨੇ ਕੁਝ ਘੰਟੇ ਪਹਿਲਾਂ ਹੀ ਜੰਗਬੰਦੀ ਦੀ ਮਿਆਦ ਅਗਲੇ 60 ਦਿਨਾਂ ਲਈ ਵਧਾਉਣ ’ਤੇ ਸਹਿਮਤੀ ਜਤਾਈ ਸੀ। ਇਸ ਤੋਂ ਵੀ ਵੱਡੀ ਗੱਲ ਇਹ ਰਹੀ ਕਿ ਹੋਰਮੁਜ਼ ਜਲਡਮਰੂ ਨੂੰ ਖੋਲ੍ਹਣ ਅਤੇ ਓਮਾਨ ਦੀ ਖਾੜੀ ’ਚੋਂ ਅਮਰੀਕੀ ਜਲ ਸੈਨਾ ਦੀ ਘੇਰਾਬੰਦੀ ਹਟਾਉਣ ਦਾ ਫ਼ੈਸਲਾ ਵੀ ਹੋ ਗਿਆ। ਯਾਦ ਰਹੇ ਕਿ ਅਮਰੀਕਾ ਦੀ ਇਸ ਘੇਰਾਬੰਦੀ ਕਾਰਨ ਇਰਾਨੀ ਬੰਦਰਗਾਹਾਂ ਅਤੇ ਉਸ ਦੇ ਤੱਟਵਰਤੀ ਇਲਾਕਿਆਂ ਤੋਂ ਹੋਣ ਵਾਲੀ ਸਮੁੰਦਰੀ ਆਵਾਜਾਈ ਪੂਰੀ ਤਰ੍ਹਾਂ ਠੱਪ ਪਈ ਸੀ।

ਸ਼ਾਹਬਾਜ਼ ਸ਼ਰੀਫ਼ ਦੇ ਦਫ਼ਤਰ ਨੇ ‘ਐਕਸ’ ਰਾਹੀਂ ਉਨ੍ਹਾਂ ਦੇ ਇਸ ਭਾਸ਼ਣ ਦੇ ਮੁੱਖ ਅੰਸ਼ ਸਾਂਝੇ ਕੀਤੇ ਹਨ। ਜਨਾਬ ਸ਼ਰੀਫ਼ ਨੇ ਇਸ ਗੱਲ ’ਤੇ ਖ਼ਾਸ ਜ਼ੋਰ ਦਿੱਤਾ ਕਿ ਅੱਜ ਅੱਲ੍ਹਾ ਨੇ ਪਾਕਿਸਤਾਨ ਨੂੰ ਜਿਸ ਇੱਜ਼ਤ ਅਤੇ ਮਾਣ-ਸਨਮਾਨ ਨਾਲ ਨਿਵਾਜ਼ਿਆ ਹੈ, ਕੌਮਾਂ ਸਦੀਆਂ ਤੱਕ ਅਜਿਹੇ ਮੌਕਿਆਂ ਦੀ ਉਡੀਕ ਕਰਦੀਆਂ ਹਨ। ਸ਼ਰੀਫ਼ ਨੇ ਬੇਹੱਦ ਮੁਸ਼ਕਿਲ ਹਾਲਾਤ ਵਿੱਚ ਬੇਮਿਸਾਲ ਸੂਝ-ਬੂਝ, ਦੂਰਅੰਦੇਸ਼ੀ ਅਤੇ ਸਬਰ ਦਿਖਾਉਣ ਲਈ ਕਤਰ, ਸਾਊਦੀ ਅਰਬ, ਤੁਰਕੀ, ਚੀਨ, ਅਮਰੀਕਾ ਅਤੇ ਇਰਾਨ ਦੇ ਆਗੂਆਂ ਦਾ ਤਹਿ ਦਿਲੋਂ ਸ਼ੁਕਰਾਨਾ ਕੀਤਾ। ਇਸ ਇਤਿਹਾਸਕ ਪ੍ਰਾਪਤੀ ’ਤੇ ਪਾਕਿਸਤਾਨੀ ਅਵਾਮ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੇ ਦੇਸ਼ ਦੇ ਚੀਫ ਔਫ ਡਿਫੈਂਸ ਸਟਾਫ ਅਤੇ ਫ਼ੌਜ ਮੁਖੀ ਆਸਿਮ ਮੁਨੀਰ ਦੀ ਭੂਮਿਕਾ ਦੀ ਖ਼ਾਸ ਤੌਰ ’ਤੇ ਤਾਰੀਫ਼ ਕੀਤੀ। ਪਾਕਿਸਤਾਨ ਦੇ ਪ੍ਰਧਾਨ ਮੰਤਰੀ ਦਫ਼ਤਰ ਨੇ ਫੀਲਡ ਮਾਰਸ਼ਲ ਸੱਯਦ ਆਸਿਮ ਮੁਨੀਰ ਦੀ ਅਸਾਧਾਰਨ ਭੂਮਿਕਾ ਦੀ ਰੱਜ ਕੇ ਸ਼ਲਾਘਾ ਕੀਤੀ, ਜਿਨ੍ਹਾਂ ਨੇ ਜੰਗ ਨੂੰ ਖ਼ਤਮ ਕਰਵਾਉਣ ਅਤੇ ਅਮਨ ਬਹਾਲੀ ਲਈ ਦਿਨ-ਰਾਤ ਇੱਕ ਕਰ ਦਿੱਤਾ। ਉਨ੍ਹਾਂ ਕਿਹਾ ਕਿ ਕਈ ਅਜਿਹੇ ਨਾਜ਼ੁਕ ਮੋੜ ਵੀ ਆਏ ਜਦੋਂ ਲੱਗਦਾ ਸੀ ਕਿ ਗੱਲਬਾਤ ਟੁੱਟ ਜਾਵੇਗੀ, ਪਰ ਫੀਲਡ ਮਾਰਸ਼ਲ ਪੂਰੀ ਦ੍ਰਿੜ੍ਹਤਾ ਨਾਲ ਡਟੇ ਰਹੇ, ਜਿਸ ਸਦਕਾ ਇਹ ਵੱਡੀ ਸਫ਼ਲਤਾ ਹਾਸਲ ਹੋਈ।

ਇੱਥੇ ਇਹ ਗੱਲ ਵੀ ਗੌਰ ਕਰਨ ਵਾਲੀ ਹੈ ਕਿ ਸ਼ਾਹਬਾਜ਼ ਸ਼ਰੀਫ਼ ਨੇ ਵੱਖ-ਵੱਖ ਦੇਸ਼ਾਂ ਦਾ ਧੰਨਵਾਦ ਕਰਦਿਆਂ ਸੰਯੁਕਤ ਅਰਬ ਅਮੀਰਾਤ (ਯੂ ਏ ਈ) ਦਾ ਨਾਂ ਤੱਕ ਨਹੀਂ ਲਿਆ। ਇਸ ਦਾ ਵੱਡਾ ਕਾਰਨ ਇਹ ਹੈ ਕਿ ਇੱਕ ਤਾਂ ਇਰਾਨ ਅਤੇ ਯੂ ਏ ਈ ਦੇ ਆਪਸੀ ਸਬੰਧ ਪਹਿਲਾਂ ਹੀ ਬੇਹੱਦ ਖ਼ਰਾਬ ਹਨ ਅਤੇ ਦੂਜਾ, ਪਾਕਿਸਤਾਨ ਤੇ ਯੂ ਏ ਈ ਦੇ ਆਪਣੇ ਰਿਸ਼ਤੇ ਵੀ ਅੱਜਕੱਲ੍ਹ ਬਹੁਤੇ ਚੰਗੇ ਨਹੀਂ। ਇਰਾਨ ਜੰਗ ਦੌਰਾਨ ਯੂ ਏ ਈ ਵੱਲੋਂ ਪਾਕਿਸਤਾਨ ਨੂੰ ਦਿੱਤੀ 3.5 ਅਰਬ ਡਾਲਰ ਦੀ ਤੇਲ ਸਹੂਲਤ ਵਾਲੀ ਕਰਜ਼ਾ ਰਾਸ਼ੀ ਵਾਪਸ ਮੰਗ ਲੈਣਾ, ਦੋਵਾਂ ਦੇਸ਼ਾਂ ਦੇ ਤਣਾਅਪੂਰਨ ਸਬੰਧਾਂ ਦੀ ਜਿਉਂਦੀ-ਜਾਗਦੀ ਮਿਸਾਲ ਹੈ। ਹਾਲਾਂਕਿ, ਅਜਿਹੀਆਂ ਖ਼ਬਰਾਂ ਵੀ ਹਨ ਕਿ ਯੂ ਏ ਈ ਨੇ ਇਰਾਨ ਦੇ ਮੁੜ-ਨਿਰਮਾਣ ਲਈ ਮਾਲੀ ਮਦਦ ਦੇਣ ਦਾ ਵਾਅਦਾ ਕੀਤਾ ਹੈ, ਪਰ ਇਹ ਸਪੱਸ਼ਟ ਹੈ ਕਿ ਹਾਲੀਆ ਦਿਨਾਂ ਦੇ ਰਾਬਤੇ ਵੀ ਪਾਕਿਸਤਾਨ ਦੇ ਦਿਲ ਵਿੱਚ ਯੂ ਏ ਈ ਪ੍ਰਤੀ ਪੈਦਾ ਹੋਈ ਕੁੜੱਤਣ ਨੂੰ ਦੂਰ ਨਹੀਂ ਕਰ ਸਕੇ। ਇਸ ਤੋਂ ਇਲਾਵਾ ਪਾਕਿਸਤਾਨ ਪੂਰੀ ਤਰ੍ਹਾਂ ਸਾਊਦੀ ਅਰਬ ਦੇ ਪੱਖ ਵਿੱਚ ਖੜ੍ਹਾ ਹੈ ਅਤੇ ਸਾਊਦੀ ਅਰਬ ਦੇ ਯੂ ਏ ਈ ਨਾਲ ਚੱਲ ਰਹੇ ਮੱਤਭੇਦਾਂ ਦਾ ਪਰਛਾਵਾਂ ਵੀ ਪਾਕਿਸਤਾਨ ਦੇ ਇਸ ਨਾਲ ਸਬੰਧਾਂ ’ਤੇ ਸਾਫ਼ ਦਿਸਦਾ ਹੈ। ਬਹੁਤ ਸਾਰੇ ਮੁਲਕਾਂ ਨੇ ਪਾਕਿਸਤਾਨ ਅਤੇ ਉਨ੍ਹਾਂ ਹੋਰਨਾਂ ਦੇਸ਼ਾਂ ਦਾ ਧੰਨਵਾਦ ਕੀਤਾ ਹੈ, ਜਿਨ੍ਹਾਂ ਨੇ ਇਰਾਨ ਤੇ ਅਮਰੀਕਾ ਵਿਚਾਲੇ ਸਹਿਮਤੀ ਪੱਤਰ (ਮੈਮੋਰੰਡਮ ਔਫ ਅੰਡਰਸਟੈਂਡਿੰਗ) ਸਿਰੇ ਚਾੜ੍ਹਨ ਵਿੱਚ ਮਦਦ ਕੀਤੀ ਹੈ। ਇਸ ਉੱਤੇ 19 ਜੂਨ ਨੂੰ ਸਵਿਟਜ਼ਰਲੈਂਡ ਵਿੱਚ ਦਸਤਖ਼ਤ ਕੀਤੇ ਜਾਣਗੇ। ਦਿਲਚਸਪ ਗੱਲ ਇਹ ਹੈ ਕਿ ਸ਼ਾਹਬਾਜ਼ ਸ਼ਰੀਫ਼ ਨੇ ਕੌਮੀ ਅਸੈਂਬਲੀ ਵਿੱਚ ਦਿੱਤੇ ਆਪਣੇ ਭਾਸ਼ਣ ਦੌਰਾਨ ਦਾਅਵਾ ਕੀਤਾ ਕਿ ਇਸ ਦਸਤਖ਼ਤ ਸਮਾਗਮ ਦੀ ਮੇਜ਼ਬਾਨੀ ਪਾਕਿਸਤਾਨ ਕਰੇਗਾ। ਹਾਲਾਂਕਿ, ਅਜੇ ਤੱਕ ਕਿਸੇ ਵੀ ਹੋਰ ਦੇਸ਼ ਨੇ ਸ਼ਰੀਫ਼ ਦੇ ਇਸ ਦਾਅਵੇ ਦੀ ਪੁਸ਼ਟੀ ਨਹੀਂ ਕੀਤੀ। ਖ਼ੈਰ, ਇਸ ਸਮਾਗਮ ਵਿੱਚ ਸ਼ਾਹਬਾਜ਼ ਸ਼ਰੀਫ਼, ਵਿਦੇਸ਼ ਮੰਤਰੀ ਇਸਹਾਕ ਡਾਰ, ਗ੍ਰਹਿ ਮੰਤਰੀ ਮੋਹਸਿਨ ਨਕਵੀ, ਜਿਨ੍ਹਾਂ ਨੇ ਪਿਛਲੇ ਹਫ਼ਤਿਆਂ ਦੌਰਾਨ ਤਹਿਰਾਨ ਦੇ ਕਈ ਗੇੜੇ ਲਾਏ ਹਨ ਅਤੇ ਸਭ ਤੋਂ ਵੱਧ ਆਸਿਮ ਮੁਨੀਰ ਦੀ ਮੌਜੂਦਗੀ ਪੱਕੀ ਮੰਨੀ ਜਾ ਰਹੀ ਹੈ। ਯਕੀਨੀ ਤੌਰ ’ਤੇ ਪਾਕਿਸਤਾਨ ਸਮੇਤ ਦੁਨੀਆ ਭਰ ਦੀਆਂ ਨਜ਼ਰਾਂ ਟਰੰਪ ਦੇ ਇਸ ਚਹੇਤੇ ਫੀਲਡ ਮਾਰਸ਼ਲ ’ਤੇ ਟਿਕੀਆਂ ਹੋਣਗੀਆਂ। ਇਹ ਵੀ ਸੰਭਵ ਹੈ ਕਿ ਡੋਨਲਡ ਟਰੰਪ ਖ਼ੁਦ ਇਸ ਦਸਤਖ਼ਤ ਸਮਾਗਮ ਦੌਰਾਨ ਜਾਂ ਉਸ ਤੋਂ ਪਹਿਲਾਂ ਆਸਿਫ਼ ਮੁਨੀਰ ਦੀ ਰੱਜ ਕੇ ਤਾਰੀਫ਼ ਕਰਨ।

ਇਸ ਘਟਨਾਕ੍ਰਮ ਨਾਲ ਮੁਨੀਰ ਦਾ ਕੱਦ ਪਾਕਿਸਤਾਨ ਦੇ ਅੰਦਰ ਅਤੇ ਕੌਮਾਂਤਰੀ ਪੱਧਰ ’ਤੇ ਬਹੁਤ ਉੱਚਾ ਹੋ ਗਿਆ ਹੈ। ਸ਼ਾਹਬਾਜ਼ ਸ਼ਰੀਫ਼ ਵੱਲੋਂ ਉਨ੍ਹਾਂ ਅੱਗੇ ਵਿਛ-ਵਿਛ ਜਾਣਾ ਪਾਕਿਸਤਾਨ ਦੇ ਸਮੁੱਚੇ ਸਿਆਸੀ ਲਾਣੇ ਦੀ ਮਾਨਸਿਕਤਾ ਨੂੰ ਉਜਾਗਰ ਕਰਦਾ ਹੈ। ਜਿਉਂ-ਜਿਉਂ ਮੁਨੀਰ ਦੀ ਤੂਤੀ ਬੋਲ ਰਹੀ ਹੈ, ਤਿਉਂ-ਤਿਉਂ ਸਭ ਤੋਂ ਵੱਡਾ ਸਿਆਸੀ ਨੁਕਸਾਨ ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀ ਟੀ ਆਈ) ਦੇ ਮੁਖੀ ਅਤੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਨੂੰ ਹੋ ਰਿਹਾ ਹੈ। ਇਮਰਾਨ ਖ਼ਾਨ 9 ਮਈ 2023 ਨੂੰ ਪੀ ਟੀ ਆਈ ਕਾਰਕੁਨਾਂ ਵੱਲੋਂ ਫ਼ੌਜ ਖ਼ਿਲਾਫ਼ ਕੀਤੇ ਗਏ ਦੰਗਿਆਂ ਤੋਂ ਬਾਅਦ ਜੇਲ੍ਹ ਵਿੱਚ ਬੰਦ ਹਨ। ਉੱਥੋਂ ਦੀ ਨਿਆਂਪਾਲਿਕਾ ਨੇ ਵੀ ਅਜੇ ਤੱਕ ਉਨ੍ਹਾਂ ਨੂੰ ਰਿਹਾਅ ਕਰਨ ਦੀ ਹਿੰਮਤ ਨਹੀਂ ਦਿਖਾਈ। ਹੁਣ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਨੇੜ ਭਵਿੱਖ ਵਿੱਚ ਉਨ੍ਹਾਂ ਦੀ ਰਿਹਾਈ ਦੇ ਆਸਾਰ ਬਹੁਤ ਧੁੰਦਲੇ ਨਜ਼ਰ ਆ ਰਹੇ ਹਨ।

ਪਾਕਿਸਤਾਨ ’ਚ ਅਜਿਹੇ ਕਈ ਫ਼ੌਜ ਮੁਖੀ ਰਹੇ ਹਨ, ਜਿਨ੍ਹਾਂ ਨੇ ਪੂਰੇ ਮੁਲਕ ਨੂੰ ਆਪਣੇ ਦਾਬੇ ਹੇਠ ਰੱਖਿਆ। ਇਨ੍ਹਾਂ ਵਿੱਚੋਂ ਬਹੁਤਿਆਂ ਜਿਵੇਂ ਅਯੂਬ ਖ਼ਾਨ, ਯਾਹੀਆ ਖ਼ਾਨ, ਜ਼ਿਆ-ਉਲ-ਹੱਕ ਅਤੇ ਪਰਵੇਜ਼ ਮੁਸ਼ੱਰਫ਼ ਨੇ ਸਿੱਧੇ ਤੌਰ ’ਤੇ ਰਾਜ ਕੀਤਾ। ਜਦੋਂਕਿ ਕਈਆਂ ਨੇ ਸਿਵਲੀਅਨ (ਚੁਣੀ ਹੋਈ ਸਰਕਾਰ) ਦਾ ਮੁਖੌਟਾ ਪਾ ਕੇ ਸਰਕਾਰ ਨੂੰ ਉਂਗਲਾਂ ’ਤੇ ਨਚਾਇਆ। ਉਨ੍ਹਾਂ ਨੇ ਵੱਖ-ਵੱਖ ਮੌਕਿਆਂ ’ਤੇ ਆਪਣੀ ਪੂਰੀ ਸਖ਼ਤੀ ਅਤੇ ਬੇਰਹਿਮੀ ਨਾਲ ਹਕੂਮਤ ਚਲਾਈ। ਜਨਰਲ ਮੁਨੀਰ ਖ਼ੁਦ ਨੂੰ ਪਾਕਿਸਤਾਨ ਦੀ ਕਿਸਮਤ ਬਦਲਣ ਵਾਲਾ ਮਸੀਹਾ ਸਮਝਦੇ ਹਨ। ਹੁਣ ਉਹ ਬਿਨਾਂ ਕਿਸੇ ਝਿਜਕ ਤੋਂ ਪਾਕਿਸਤਾਨ ਨੂੰ ਆਪਣੇ ਨਿੱਜੀ ਵਿਚਾਰਾਂ ਮੁਤਾਬਿਕ ਢਾਲਣ ਦੀ ਕੋਸ਼ਿਸ਼ ਕਰਨਗੇ। ਇਸ ਵਿੱਚ ਇਸਲਾਮੀ ਆਸਥਾ ਪ੍ਰਤੀ ਉਨ੍ਹਾਂ ਦਾ ਕੱਟੜ ਜਨੂੰਨ ਅਤੇ ਦੋ ਕੌਮਾਂ ਦੇ ਸਿਧਾਂਤ (ਟੂ ਨੇਸ਼ਨ ਥਿਊਰੀ) ਪ੍ਰਤੀ ਅੰਨ੍ਹੀ ਵਫ਼ਾਦਾਰੀ ਸ਼ਾਮਿਲ ਹੈ, ਜਿਸ ਕਾਰਨ ਹੋਰਨਾਂ ਕਾਰਨਾਂ ਦੇ ਨਾਲ-ਨਾਲ ਉਨ੍ਹਾਂ ਦੇ ਮਨ ਵਿੱਚ ਭਾਰਤ ਪ੍ਰਤੀ ਨਫ਼ਰਤ ਭਰੀ ਹੋਈ ਹੈ। ਇਸ ਲਈ ਇਹ ਉਮੀਦ ਰੱਖਣੀ ਬੇਮਾਅਨੀ ਹੋਵੇਗੀ ਕਿ ਪਾਕਿਸਤਾਨ ਭਾਰਤ ਪ੍ਰਤੀ ਆਪਣੀ ਨੀਤੀ ਬਦਲੇਗਾ ਜਾਂ ਸਾਡੇ ਖ਼ਿਲਾਫ਼ ਮਿੱਥ ਕੇ ਅਤਿਵਾਦ ਫੈਲਾਉਣ ਦਾ ਰਾਹ ਛੱਡ ਦੇਵੇਗਾ। ਪਾਕਿਸਤਾਨ ਲਈ ਅਸਲ ਚੁਣੌਤੀ ਇਹ ਹੈ ਕਿ ਕੀ ਉਹ ਇਸ ਇਤਿਹਾਸਕ ਸਫ਼ਲਤਾ ਨਾਲ ਖੱਟੀ ਹੋਈ ਕੌਮਾਂਤਰੀ ਹਮਦਰਦੀ ਨੂੰ ਆਪਣੇ ਮੁਲਕ ਦੀ ਆਰਥਿਕਤਾ ਸੁਧਾਰਨ ਲਈ ਵਰਤ ਸਕੇਗਾ? ਅਜਿਹਾ ਹੋਣ ਦੀ ਉਮੀਦ ਬਹੁਤ ਘੱਟ ਹੈ ਕਿਉਂਕਿ ਇਸ ਲਈ ਪਾਕਿਸਤਾਨੀ ਢਾਂਚੇ ਵਿੱਚ ਵੱਡੇ ਬਦਲਾਅ ਕਰਨੇ ਪੈਣਗੇ ਅਤੇ ਇਸ ਦੀ ਸ਼ੁਰੂਆਤ ਪਾਕਿਸਤਾਨੀ ਫ਼ੌਜ ਵੱਲੋਂ ਮੁਲਕ ਦੇ ਸਾਧਨਾਂ ਨੂੰ ਲੁੱਟਣਾ ਬੰਦ ਕਰਨ ਨਾਲ ਹੋਣੀ ਚਾਹੀਦੀ ਹੈ। ਸੱਚ ਤਾਂ ਇਹ ਹੈ ਕਿ ਪਾਕਿਸਤਾਨ ਦੇ ਆਰਥਿਕ ਤੌਰ ’ਤੇ ਸਥਿਰ ਅਤੇ ਖ਼ੁਸ਼ਹਾਲ ਮੁਲਕ ਬਣਨ ਦੇ ਰਾਹ ਵਿੱਚ ਉੱਥੋਂ ਦੀ ਫ਼ੌਜ ਹੀ ਸਭ ਤੋਂ ਵੱਡਾ ਰੋੜਾ ਹੈ। ਫ਼ੌਜ ਹਮੇਸ਼ਾ ਟਕਰਾਅ ਦਾ ਰਾਹ ਹੀ ਚੁਣਦੀ ਹੈ ਚਾਹੇ ਉਹ ਉਸ ਵੱਲੋਂ ਮਿੱਥੇ ਗਏ ਬਾਹਰੀ ਦੁਸ਼ਮਣ ਹੋਣ ਜਾਂ ਅੰਦਰੂਨੀ ਵਿਰੋਧੀ। ਉਸ ਨੇ ਕਦੇ ਵੀ ਆਪਸੀ ਹਿੱਤਾਂ ਦੇ ਸਮਝੌਤੇ ਜਾਂ ਸੁਲ੍ਹਾ-ਸਫ਼ਾਈ ਦਾ ਰਾਹ ਨਹੀਂ ਅਪਣਾਇਆ। ਇਸ ਤੋਂ ਇਲਾਵਾ ਫ਼ੌਜ ਨੇ ਪਾਕਿਸਤਾਨ ਵਿੱਚ ਜਮਹੂਰੀਅਤ ਨੂੰ ਕਦੇ ਵੀ ਮਜ਼ਬੂਤ ਨਹੀਂ ਹੋਣ ਦਿੱਤਾ ਕਿਉਂਕਿ ਲੋਕਤੰਤਰ ਦੇ ਮਜ਼ਬੂਤ ਹੋਣ ਨਾਲ ਫ਼ੌਜ ਦੇ ਨਿੱਜੀ ਵਪਾਰਕ ਹਿੱਤਾਂ ਨੂੰ ਸੱਟ ਵੱਜਦੀ ਹੈ। ਜਿਵੇਂ ਕਿ ਪ੍ਰਸਿੱਧ ਵਿਦਵਾਨ ਆਇਸ਼ਾ ਸਿੱਦੀਕਾ ਨੇ ਆਪਣੀ ਖੋਜ ਵਿੱਚ ਬਹੁਤ ਬਿਹਤਰੀਨ ਢੰਗ ਨਾਲ ਦਿਖਾਇਆ ਹੈ ਕਿ ਪਿਛਲੇ ਸਾਲਾਂ ਦੌਰਾਨ ਪਾਕਿਸਤਾਨੀ ਫ਼ੌਜ ਉੱਥੋਂ ਦਾ ਸਭ ਤੋਂ ਵੱਡਾ ਵਪਾਰਕ ਅਤੇ ਉਦਯੋਗਿਕ ਘਰਾਣਾ ਬਣ ਚੁੱਕੀ ਹੈ, ਜਿਸ ਦਾ ਹਰ ਕਾਰੋਬਾਰ ਵਿੱਚ ਹੱਥ ਹੈ। ਹੁਣ ਜਨਰਲ ਮੁਨੀਰ ਫ਼ੌਜ ਦੇ ਇਨ੍ਹਾਂ ਕਾਰੋਬਾਰੀ ਹਿੱਤਾਂ ਨੂੰ ਹੋਰ ਵੀ ਮਜ਼ਬੂਤ ਅਤੇ ਪੱਕਾ ਕਰਨਗੇ। ਜੇਕਰ ਅਮਰੀਕਾ-ਇਰਾਨ ਦਸਤਖ਼ਤ ਸਮਾਗਮ ਸ਼ਾਹਬਾਜ਼ ਸ਼ਰੀਫ਼ ਦੇ ਐਲਾਨ ਮੁਤਾਬਿਕ ਨੇਪਰੇ ਚੜ੍ਹਦਾ ਹੈ ਤਾਂ ਭਾਰਤ ਦੇ ਕੁਝ ਹਲਕਿਆਂ ਵਿੱਚ ਇਸ ਗੱਲ ਨੂੰ ਲੈ ਕੇ ਥੋੜ੍ਹੀ ਬੇਚੈਨੀ ਹੋਣਾ ਸੁਭਾਵਿਕ ਹੈ। ਇਸ ਬੇਚੈਨੀ ਦਾ ਇੱਕ ਵੱਡਾ ਕਾਰਨ ਪਹਿਲਗਾਮ ਅਤਿਵਾਦੀ ਹਮਲੇ ਅਤੇ ਭਾਰਤ ਦੇ ‘ਅਪਰੇਸ਼ਨ ਸਿੰਧੂਰ’ ਕਾਰਨ ਪੈਦਾ ਹੋਈ ਕੁੜੱਤਣ ਵੀ ਹੋ ਸਕਦੀ ਹੈ, ਪਰ ਪਾਕਿਸਤਾਨ ਦੀ ਇਸ ਵਿਚੋਲਗੀ ਦੀ ਸਫ਼ਲਤਾ ਨੂੰ ਦੇਖਣ ਦਾ ਵਧੇਰੇ ਸੂਝਵਾਨ ਤਰੀਕਾ ਇਹ ਹੋਵੇਗਾ ਕਿ ਅਸੀਂ ਪਾਕਿਸਤਾਨ ਨੂੰ ਭੰਡਣ ਜਾਂ ਉਸ ਦਾ ਮਜ਼ਾਕ ਉਡਾਉਣ ਦੀ ਬਜਾਏ ਹੋਰਮੁਜ਼ ਜਲਡਮਰੂ ਦੇ ਖੁੱਲ੍ਹਣ ਨਾਲ ਭਾਰਤ ਅਤੇ ਬਾਕੀ ਦੁਨੀਆ ਨੂੰ ਹੋਣ ਵਾਲੇ ਫ਼ਾਇਦਿਆਂ ’ਤੇ ਧਿਆਨ ਕੇਂਦਰਿਤ ਕਰੀਏ। ਇੱਕ ਵੱਡੀ ਵਿਸ਼ਵ ਸ਼ਕਤੀ ਹੋਣ ਨਾਤੇ ਭਾਰਤ ਨੂੰ ਆਪਣਾ ਇਰਾਦਾ ਮਜ਼ਬੂਤ ਰੱਖਣਾ ਚਾਹੀਦਾ ਹੈ, ਪਰ ਸਾਡਾ ਰਵੱਈਆ ਕਦੇ ਵੀ ਤੰਗਦਿਲ ਨਹੀਂ ਹੋਣਾ ਚਾਹੀਦਾ। ਭਾਰਤੀ ਰਣਨੀਤਕ ਮਾਹਿਰਾਂ ਲਈ ਇਹ ਯਾਦ ਕਰਵਾਉਣਾ ਬਿਲਕੁਲ ਸਹੀ ਹੋਵੇਗਾ ਕਿ ਪਾਕਿਸਤਾਨ ਨੂੰ ਇਸ ਕੌਮਾਂਤਰੀ ਸ਼ਲਾਘਾ ਦਾ ਫ਼ਾਇਦਾ ਆਪਣੇ ਮੁਲਕ ਨੂੰ ਆਧੁਨਿਕ ਅਤੇ ਅਗਾਂਹਵਧੂ ਦਿਸ਼ਾ ਵੱਲ ਲੈ ਜਾਣ ਲਈ ਕਰਨਾ ਚਾਹੀਦਾ ਹੈ।

ਇਸ ਗੱਲ ਦੀ ਵੀ ਥੋੜ੍ਹੀ-ਬਹੁਤ ਸੰਭਾਵਨਾ ਹੈ ਕਿ ਆਪਣੇ ਪੁਰਾਣੇ ਫ਼ੌਜ ਮੁਖੀਆਂ ਵਾਂਗ ਜਨਰਲ ਮੁਨੀਰ ਵੀ ਭਾਰਤ-ਪਾਕਿਸਤਾਨ ਸਬੰਧਾਂ, ਖ਼ਾਸ ਕਰਕੇ ਜੰਮੂ-ਕਸ਼ਮੀਰ ਦੇ ਮੁੱਦੇ ’ਤੇ ਡੋਨਲਡ ਟਰੰਪ ਦੀ ਦਖ਼ਲਅੰਦਾਜ਼ੀ ਦੀ ਮੰਗ ਕਰਨ। ਪਾਕਿਸਤਾਨ ਪਹਿਲਾਂ ਹੀ ਮਈ 2025 ਦੇ ਭਾਰਤ-ਪਾਕਿਸਤਾਨ ਟਕਰਾਅ ਦੌਰਾਨ ਟਰੰਪ ਦੀ ਭੂਮਿਕਾ ਦੀ ਤਾਰੀਫ਼ ਕਰਕੇ ਉਨ੍ਹਾਂ ਦੀ ਹਮਦਰਦੀ ਜਿੱਤ ਚੁੱਕਿਆ ਹੈ। ਇਸ ਸਥਿਤੀ ਵਿੱਚ ਭਾਰਤ ਲਈ ਇਹੋ ਸਿਆਣਪ ਹੋਵੇਗੀ ਕਿ ਉਹ ਚੁੱਪ-ਚਪੀਤੇ ਅਮਰੀਕਾ ਨੂੰ ਚਿਤਾਵਨੀ ਦੇਵੇ ਕਿ ਉਹ ਭਾਰਤ-ਪਾਕਿਸਤਾਨ ਦੇ ਆਪਸੀ ਮਾਮਲਿਆਂ ਵਿੱਚ ਲੱਤ ਅੜਾਉਣ ਦੀ ਕੋਸ਼ਿਸ਼ ਨਾ ਕਰੇ। ਨਾਲ ਹੀ ਅਮਰੀਕਾ ਨੂੰ ਇਹ ਵੀ ਸਾਫ਼ ਕਰ ਦਿੱਤਾ ਜਾਵੇ ਕਿ ਜੇਕਰ ਪਾਕਿਸਤਾਨ ਨੇ ਭਾਰਤ ਨੂੰ ਉਕਸਾਉਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੂੰ ਬਹੁਤ ਕਰਾਰਾ ਅਤੇ ਮੂੰਹ-ਤੋੜ ਜਵਾਬ ਦਿੱਤਾ ਜਾਵੇਗਾ।

## ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਵੱਲੋਂ ਹੋਣਹਾਰ ਕੈਡਿਟਾਂ ਦਾ ‘ਅਚੀਵਰਜ਼ ਐਵਾਰਡ’ ਨਾਲ ਸਨਮਾਨ

### ਏਅਰ ਮਾਰਸ਼ਲ ਟੀ.ਐਸ. ਰੰਧਾਵਾ ਨੇ ਸਮਾਰੋਹ ਦੀ ਕੀਤੀ ਪ੍ਰਧਾਨਗੀ, ਸੰਸਥਾ ਨੇ ਹਥਿਆਰਬੰਦ ਸੈਨਾਵਾਂ ਵਿੱਚ ਵੱਧ ਤੋਂ ਵੱਧ ਕੈਡਿਟਾਂ ਨੂੰ ਸ਼ਾਮਲ ਕਰਾਉਣ ਦੀ ਆਪਣੀ ਵਿਰਾਸਤ ਰੱਖੀ ਬਰਕਰਾਰ

ਮੁਹਾਲੀ, 18 ਜੂਨ
- ਸ਼.ਅ.ਬਿਓਰੋ-

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਐਮ.ਆਰ.ਐਸ.ਏ.ਐਫ.ਪੀ.ਆਈ)ਵੱਲੋਂ ਅੱਜ ਆਪਣੇ ਕੈਡਿਟਾਂ ਦੀਆਂ ਪ੍ਰਾਪਤੀਆਂ ਦਾ ਜਸ਼ਨ ਮਨਾਉਂਦਿਆਂ ਹਾਲ ਹੀ ਵਿੱਚ ਰੱਖਿਆ ਬਲਾਂ ਵਿੱਚ ਕਮਿਸ਼ਨ ਹਾਸਲ ਕਰਨ ਵਾਲੇ ਹੋਣਹਾਰ ਕੈਡਿਟਾਂ ਅਤੇ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.) ਤੋਂ ਗ੍ਰੈਜੂਏਟ ਹੋਏ ਕੈਡਿਟਾਂ ਨੂੰ ਵੱਕਾਰੀ ਅਚੀਵਰਜ਼ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਮਈ ਅਤੇ ਜੂਨ 2026 ਵਿੱਚ ਨੌਂ ਕੈਡਿਟਾਂ ਨੇ ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਕਮਿਸ਼ਨ ਹਾਸਲ ਕੀਤਾ ਜਦੋਂ ਕਿ ਪੰਜ ਕੈਡਿਟਾਂ ਨੇ ਹਾਲ ਹੀ ਵਿੱਚ ਐਨ.ਡੀ.ਏ.ਤੋਂ ਗ੍ਰੈਜੂਏਸ਼ਨ ਕੀਤੀ ਹੈ।

ਸੈਕਟਰ 77 ਸਥਿਤ ਸੰਸਥਾ ਦੇ ਕੈਂਪਸ ਵਿਖੇ ਕਰਵਾਏ ਗਏ ਇਸ ਅਵਾਰਡ ਸਮਾਰੋਹ ਦੀ ਪ੍ਰਧਾਨਗੀ ਐਨ.ਡੀ.ਏ. ਦੇ ਸਾਬਕਾ ਕਮਾਂਡੈਂਟ ਅਤੇ ਐਮ.ਆਰ.ਐਸ.ਏ.ਐਫ.ਪੀ.ਆਈ. ਦੀ ਗਵਰਨਿੰਗ ਬਾਡੀ ਦੇ ਪਹਿਲੇ ਮੈਂਬਰਾਂ ਵਿੱਚ ਸ਼ਾਮਲ ਏਅਰ ਮਾਰਸ਼ਲ ਟੀ.ਐਸ. ਰੰਧਾਵਾ, ਪੀ.ਵੀ.ਐਸ.ਐਮ., ਵੀ.ਐਮ. (ਸੇਵਾਮੁਕਤ) ਨੇ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਇਸ ਸੰਸਥਾ ਨਾਲ ਜੁੜੇ ਵਿਅਕਤੀ ਵੀ ਮੌਜੂਦ ਸਨ।

ਇਕੱਠ ਨੂੰ ਸੰਬੋਧਨ ਕਰਦਿਆਂ, ਏਅਰ ਮਾਰਸ਼ਲ ਰੰਧਾਵਾ ਨੇ ਕੈਡਿਟਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਐਮ.ਆਰ.ਐਸ.ਏ.ਐਫ.ਪੀ.ਆਈ. ਵਿੱਚ ਉਨ੍ਹਾਂ ਦੀ ਸਿਖਲਾਈ ਨੇ ਉਨ੍ਹਾਂ ਦੇ ਸੇਵਾ ਕਰੀਅਰ ਲਈ ਇੱਕ ਮਜ਼ਬੂਤ ਲਾਂਚ ਪੈਡ ਵਜੋਂ ਕੰਮ ਕੀਤਾ। ਉਨ੍ਹਾਂ ਨੇ ਐਨ.ਡੀ.ਏ. ਗ੍ਰੈਜੂਏਟਾਂ ਦੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਦੀਆਂ ਸਰਵਿਸ ਅਕੈਡਮੀਆਂ ਵਿੱਚ



ਸਿਖਲਾਈ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਸੰਸਥਾ ਦੇ ਇਸ ਨਤੀਜਿਆਂ ਦਾ ਸਿਹਰਾ ਏ.ਐਫ.ਪੀ.ਆਈ. ਫੈਕਲਟੀ ਨੂੰ ਦਿੱਤਾ।

ਸੰਸਥਾ ਦੀਆਂ ਪ੍ਰਾਪਤੀਆਂ ਦਾ ਹਵਾਲਾ ਦਿੰਦਿਆਂ ਐਮ.ਆਰ.ਐਸ.ਏ.ਐਫ.ਪੀ.ਆਈ. ਦੇ ਡਾਇਰੈਕਟਰ, ਮੇਜਰ ਜਨਰਲ ਅਜੈ ਐੱਚ. ਚੌਹਾਨ, ਵੀਐਸਐਮ (ਸੇਵਾਮੁਕਤ) ਨੇ ਦੱਸਿਆ ਕਿ ਸੰਸਥਾ ਦੇ 324 ਕੈਡਿਟ ਹੁਣ ਤੱਕ ਐਨਡੀਏ ਅਤੇ ਹੋਰ ਅਕੈਡਮੀਆਂ ਲਈ ਚੁਣੇ ਗਏ ਹਨ, ਜਿਨ੍ਹਾਂ ਵਿੱਚੋਂ 196 ਅਫਸਰ ਵਜੋਂ ਕਮਿਸ਼ਨ ਪ੍ਰਾਪਤ ਕਰ ਚੁੱਕੇ ਹਨ। ਇਸੇ ਤਰ੍ਹਾਂ 24 ਹੋਰ ਕੈਡਿਟ ਐਨਡੀਏ ਅਤੇ ਹੋਰ ਸਿਖਲਾਈ ਅਕੈਡਮੀਆਂ ਲਈ ਆਪਣੇ ਨਿਯੁਕਤੀ ਪੱਤਰਾਂ ਦੀ ਉਡੀਕ ਵਿੱਚ ਹਨ। ਉਨ੍ਹਾਂ ਅੱਗੇ ਕਿਹਾ ਕਿ ਸੰਸਥਾ ਹਥਿਆਰਬੰਦ ਸੈਨਾਵਾਂ ਲਈ ਇੱਕ ਪ੍ਰਾਇਮਰੀ ਫੀਡਰ ਸੰਸਥਾ ਵਜੋਂ ਉਭਰੀ ਹੈ। ਸੰਸਥਾ ਵੱਲੋਂ ਦੋ ਸਾਲਾਂ ਦਾ ਰੈਜ਼ੀਡੈਂਸ਼ੀਅਲ ਪ੍ਰੋਗਰਾਮ ਚਲਾਇਆ ਜਾਂਦਾ ਹੈ, ਜਿਸ ਤਹਿਤ ਚੁਣੇ ਗਏ ਕੈਡਿਟ ਇੱਕ ਮਾਨਤਾ ਪ੍ਰਾਪਤ ਸਕੂਲ ਰਾਹੀਂ ਆਪਣੀ 12ਵੀਂ ਜਮਾਤ ਪੂਰੀ ਕਰਦੇ ਹਨ ਅਤੇ ਨਾਲੋ-ਨਾਲ ਹੀ ਸਰੀਰਕ ਤੰਦਰੁਸਤੀ, ਲੀਡਰਸ਼ਿਪ, ਸ਼ਖਸੀਅਤ ਵਿਕਾਸ ਅਤੇ ਐਨਡੀਏ ਦਾਖਲਾ ਪ੍ਰੀਖਿਆ ਦੀ ਤਿਆਰੀ ਲਈ ਵੀ ਸਿਖਲਾਈ ਲੈਂਦੇ ਹਨ। ਹਰ ਸਾਲ ਲਗਭਗ 4,000 ਵਿਦਿਆਰਥੀ ਸੰਸਥਾ ਵਿੱਚ ਦਾਖਲੇ ਲਈ ਅਰਜ਼ੀ ਦਿੰਦੇ ਹਨ, ਜਿਨ੍ਹਾਂ ਵਿੱਚੋਂ ਮਹਿਜ਼ 48 ਨੂੰ ਹੀ ਦਾਖਲਾ ਲੈਣ ਵਿੱਚ ਸਫਲਤਾ ਮਿਲਦੀ ਹੈ।

ਅਚੀਵਰ ਅਵਾਰਡ ਸਮਾਰੋਹ ਤਹਿਤ ਨਾ ਸਿਰਫ਼ ਹੋਣਹਾਰ ਕੈਡਿਟਾਂ ਨੂੰ ਸਨਮਾਨਿਤ ਕੀਤਾ ਗਿਆ ਬਲਕਿ ਭਵਿੱਖ ਦੇ ਅਧਿਕਾਰੀਆਂ ਨੂੰ ਉੱਤਮਤਾ ਲਈ ਯਤਨ ਕਰਨ ਅਤੇ ਸੰਸਥਾ ਦੀ ਵਿਰਾਸਤ ਨੂੰ ਬਰਕਰਾਰ ਰੱਖਣ ਲਈ ਵੀ ਪ੍ਰੇਰਿਆ ਗਿਆ।

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807




Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354
ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਪੰਜਾਬ ਕਈ ਵਾਰ ਉੱਜੜਿਆ ਹੈ; ਹੁਣ ਇਸ ਦੀ ਤਰੱਕੀ ਦੀ ਰਫ਼ਤਾਰ ਨੂੰ ਮੱਠੀ ਨਾ ਪੈਣ ਦਿਓ: ਮੁੱਖ ਮੰਤਰੀ

## ਪੰਜਾਬ ਪਹਿਲਾਂ 1947 ਵਿੱਚ ਉੱਜੜਿਆ, ਫਿਰ 1984 ਦੇ ਦੰਗਿਆਂ ਦੌਰਾਨ ਦੁਬਾਰਾ ਸੰਤਾਪ ਹੰਢਾਇਆ ਅਤੇ ਬਾਅਦ ਵਿੱਚ ਇਹਨਾਂ ਆਗੂਆਂ ਦੁਆਰਾ ਸਾਲਾਂ ਬੱਧੀ ਕੀਤੀ ਲੁੱਟ-ਖਸੁੱਟ ਕਾਰਨ ਬਰਬਾਦ ਹੋਇਆ: ਭਗਵੰਤ ਮਾਨ

**ਟਾਂਡਾ (ਹੁਸ਼ਿਆਰਪੁਰ); 18 ਜੂਨ**
**-ਸ਼.ਅ.ਬਿਓਰੋ-**

ਪੰਜਾਬ ਦੇ ਭਵਿੱਖ ਨੂੰ ਹੁਣ ਪਿਛਲੀਆਂ ਸਰਕਾਰਾਂ ਦੀਆਂ ਗਲਤੀਆਂ ਅਤੇ ਮਾੜੇ ਕੰਮਾਂ ਦਾ ਸ਼ਿਕਾਰ ਨਾ ਬਣਨ ਦੇਣ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਸੂਬੇ ਨੇ ਪਿਛਲੇ ਦਹਾਕਿਆਂ ਦੌਰਾਨ ਬਹੁਤ ਸੰਤਾਪ ਹੰਢਾਇਆ ਹੈ, ਪਰ ਹੁਣ ਇਹ ਵਿਕਾਸ, ਮੌਕਿਆਂ ਅਤੇ ਖੁਸ਼ਹਾਲੀ ਦੇ ਨਵੇਂ ਯੁੱਗ ਵੱਲ ਲਗਾਤਾਰ ਵਧ ਰਿਹਾ ਹੈ। ਟਾਂਡਾ ਹਲਕੇ ਦੇ ਪਿੰਡ ਭੱਟਲਾਂ ਵਿਖੇ 'ਲੋਕ ਮਿਲਣੀ' ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਉਪਜਾਊ ਜ਼ਮੀਨ, ਭਰਪੂਰ ਪਾਣੀ ਦੇ ਸਰੋਤਾਂ, ਅਨੁਕੂਲ ਮੌਸਮ ਅਤੇ ਮਿਹਨਤੀ ਲੋਕਾਂ ਦੀ ਬਖਸ਼ਿਸ਼ ਹੋਣ ਦੇ ਬਾਵਜੂਦ ਪੰਜਾਬ ਨੂੰ ਉਨ੍ਹਾਂ ਪਿਛਲੀਆਂ ਸਰਕਾਰਾਂ ਕਾਰਨ ਆਪਣੀ ਪੂਰੀ ਸਮਰੱਥਾ ਮੁਤਾਬਕ ਵਧਣ-ਫੁੱਲਣ ਦਾ ਮੌਕਾ ਨਹੀਂ ਮਿਲਿਆ, ਜੋ ਸੂਬੇ ਦੇ ਹਿੱਤਾਂ ਨੂੰ ਸਭ ਤੋਂ ਅੱਗੇ ਰੱਖਣ ਵਿੱਚ ਨਾਕਾਮ ਰਹੀਆਂ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਲਈ ਮੌਕੇ ਪੈਦਾ ਕਰਨ, ਸਿੱਖਿਆ ਅਤੇ ਸਿਹਤ ਸੰਭਾਲ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਇੱਕ ਅਜਿਹਾ 'ਰੰਗਲਾ ਪੰਜਾਬ' ਸਿਰਜਣ ਲਈ ਵਚਨਬੱਧ ਹੈ, ਜਿੱਥੇ ਕਿਸੇ ਵੀ ਨੌਜਵਾਨ ਨੂੰ ਬਿਹਤਰ ਭਵਿੱਖ ਦੀ ਭਾਲ ਵਿੱਚ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਨਾ ਹੋਣਾ ਪਵੇ।

ਇਨਸਾਫ਼ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਬੀਤੇ ਸਮੇਂ ਦੀਆਂ ਬੇਅਦਬੀ ਦੀਆਂ ਘਟਨਾਵਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ ਅਤੇ ਜ਼ਿੰਮੇਵਾਰ ਲੋਕਾਂ ਨੂੰ ਜੇਲ੍ਹ ਭੇਜਿਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਵੱਲੋਂ ਬਣਾਇਆ ਗਿਆ ਸਖ਼ਤ ਕਾਨੂੰਨ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਇੱਕ ਮਜ਼ਬੂਤ ਢਾਲ ਵਜੋਂ ਕੰਮ ਕਰੇਗਾ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਬਰਗਾੜੀ ਵਿਖੇ ਹੋਈ ਬੇਅਦਬੀ ਦੀਆਂ ਘਟਨਾਵਾਂ ਅਤੇ ਬਹਿਬਲ ਕਲਾਂ ਤੇ ਕੋਟਕਪੂਰਾ ਵਿਖੇ ਹੋਏ ਗੋਲੀ ਕਾਂਡ ਨੇ ਹਰ ਪੰਜਾਬੀ, ਖਾਸ ਕਰਕੇ ਸਿੱਖ ਸੰਗਤ ਦੀ ਆਤਮਾ ਨੂੰ ਵਲੂੰਧਰ ਕੇ ਰੱਖ ਦਿੱਤਾ ਸੀ। ਇਹ ਜ਼ਖ਼ਮ ਅੱਜ ਵੀ ਲੋਕਾਂ ਦੇ ਮਨਾਂ ਵਿੱਚ ਤਾਜ਼ਾ ਹਨ। ਮੈਂ ਹਰ ਪੰਜਾਬੀ ਨੂੰ ਭਰੋਸਾ ਦਿਵਾਉਣਾ ਚਾਹੁੰਦਾ ਹਾਂ ਕਿ ਇਨਸਾਫ਼ ਜ਼ਰੂਰ ਹੋਵੇਗਾ ਅਤੇ ਇਨ੍ਹਾਂ ਘਿਨਾਉਣੇ ਅਪਰਾਧਾਂ ਦੇ ਜ਼ਿੰਮੇਵਾਰ ਲੋਕਾਂ ਨੂੰ ਬਖਸ਼ਿਆ ਨਹੀਂ ਜਾਵੇਗਾ।



ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਇਨਸਾਫ਼ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ। ਇਨ੍ਹਾਂ ਅਪਰਾਧਾਂ ਦੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਖੜ੍ਹਾ ਕੀਤਾ ਜਾਵੇਗਾ ਅਤੇ ਸਲਾਖਾਂ ਪਿੱਛੇ ਭੇਜਿਆ ਜਾਵੇਗਾ। ਅਸੀਂ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਲਾਗੂ ਕੀਤਾ ਹੈ, ਜੋ ਬੇਅਦਬੀ ਲਈ ਸਖ਼ਤ ਸਜ਼ਾ ਦਾ ਪ੍ਰਬੰਧ ਕਰਦਾ ਹੈ। ਇਹ ਕਾਨੂੰਨ ਇਹ ਯਕੀਨੀ ਬਣਾਏਗਾ ਕਿ ਭਵਿੱਖ ਵਿੱਚ ਕੋਈ ਵੀ ਅਜਿਹਾ ਨਾ-ਮਾਫ਼ੀਯੋਗ ਗੁਨਾਹ ਕਰਨ ਦੀ ਹਿੰਮਤ ਨਾ ਕਰੇ। ਮੁੱਖ ਮੰਤਰੀ ਨੇ ਕਿਹਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਰ ਸਿੱਖ ਲਈ ਪਿਤਾ ਸਮਾਨ ਹਨ। ਇਸ ਦੀ ਪਵਿੱਤਰਤਾ ਅਤੇ ਸਤਿਕਾਰ ਬਣਾਈ ਰੱਖਣਾ ਸਾਡਾ ਸਾਰਿਆਂ ਦਾ ਸਾਂਝਾ ਫ਼ਰਜ਼ ਹੈ। ਜੇਕਰ ਕੋਈ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸ਼ਾਨ ਦੀ ਰੱਖਿਆ ਨਹੀਂ ਕਰ ਸਕਦੀ ਤਾਂ ਉਹ ਸਮਾਜ ਪ੍ਰਤੀ ਆਪਣੀ ਸਭ ਤੋਂ ਬੁਨਿਆਦੀ ਜ਼ਿੰਮੇਵਾਰੀ ਵਿੱਚ ਫੇਲ੍ਹ ਸਾਬਤ ਹੁੰਦੀ ਹੈ।

ਅਕਾਲੀ ਲੀਡਰਸ਼ਿਪ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ, ਜਿਨ੍ਹਾਂ ਨੇ ਗੁਰਬਾਣੀ ਦੇ ਨਾਂ 'ਤੇ ਵੋਟਾਂ ਮੰਗੀਆਂ, ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰੱਖਿਆ ਕਰਨ ਵਿੱਚ ਨਾਕਾਮ ਰਹੇ। ਉਨ੍ਹਾਂ ਨੇ ਸਿਆਸੀ ਲਾਹੇ ਲਈ ਧਰਮ ਦੀ ਵਰਤੋਂ ਕੀਤੀ ਅਤੇ ਪੰਜਾਬ ਦੇ ਲੋਕ ਉਨ੍ਹਾਂ ਦੇ ਰਾਜ ਦੌਰਾਨ ਵਾਪਰੀਆਂ ਘਟਨਾਵਾਂ ਦੇ ਦਰਦ ਨੂੰ ਭੁੱਲੇ ਨਹੀਂ ਹਨ। ਉਨ੍ਹਾਂ ਨੇ ਇਸ਼ਾਰਾ ਕਰਦਿਆਂ ਕਿਹਾ, ਕੁਝ ਆਗੂ ਆਪਣੇ ਕਾਰਜਕਾਲ ਦੌਰਾਨ ਹੋਏ ਵਿਕਾਸ ਦੀਆਂ ਗੱਲਾਂ ਕਰਦੇ ਹਨ, ਪਰ ਉਹ ਬਰਗਾੜੀ, ਬਹਿਬਲ ਕਲਾਂ ਅਤੇ ਕੋਟਕਪੂਰਾ ਨੂੰ ਆਸਾਨੀ ਨਾਲ ਭੁੱਲ ਜਾਂਦੇ ਹਨ। ਪੰਜਾਬ ਉਨ੍ਹਾਂ ਦਰਦਨਾਕ ਪਲਾਂ ਨੂੰ ਕਦੇ ਨਹੀਂ ਭੁੱਲ ਸਕਦਾ। ਲੋਕਾਂ ਅਤੇ ਪੰਜਾਬ ਦੇ ਸਮਾਜਿਕ ਤਾਣੇ-ਬਾਣੇ ਦੇ ਖ਼ਿਲਾਫ਼ ਕੀਤੇ ਗਏ ਪਾਪਾਂ ਨੂੰ ਕਦੇ ਵੀ ਮਿਟਾਇਆ ਨਹੀਂ ਜਾ ਸਕਦਾ।

ਪੰਜਾਬ ਦੇ ਸਫ਼ਰ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ, ਪੰਜਾਬ ਨੇ ਬਹੁਤ ਸੰਤਾਪ ਹੰਢਾਇਆ ਹੈ। ਇਹ 1947 ਵਿੱਚ ਵੰਡ ਦੌਰਾਨ ਉੱਜੜਿਆ, 1984 ਵਿੱਚ ਫਿਰ ਦੁੱਖ ਝੱਲਿਆ ਅਤੇ ਫਿਰ ਪਿਛਲੀਆਂ ਸਰਕਾਰਾਂ ਦੇ ਰਾਜ ਵਿੱਚ ਸਾਲਾਂ ਬੱਧੀ ਲੁੱਟ-ਖਸੁੱਟ ਅਤੇ ਸ਼ੋਸ਼ਣ ਦਾ ਸ਼ਿਕਾਰ ਹੋਇਆ। ਅਸੀਂ ਹੁਣ ਪੰਜਾਬ ਦੀ ਤਰੱਕੀ ਨੂੰ ਹੋਰ ਰੁਕਣ ਨਹੀਂ ਦੇ ਸਕਦੇ।

ਉਨ੍ਹਾਂ ਅੱਗੇ ਕਿਹਾ, ਪਰਮਾਤਮਾ ਨੇ ਪੰਜਾਬ ਨੂੰ ਉਪਜਾਊ ਜ਼ਮੀਨ, ਭਰਪੂਰ ਪਾਣੀ, ਅਨੁਕੂਲ ਮੌਸਮ ਅਤੇ ਮਿਹਨਤੀ ਲੋਕਾਂ ਦੀ ਬਖਸ਼ਿਸ਼ ਕੀਤੀ ਹੈ। ਪੰਜਾਬ ਵਿੱਚ ਸਾਧਨਾਂ ਦੀ ਕੋਈ ਕਮੀ ਨਹੀਂ ਹੈ। ਪੰਜਾਬ ਕੋਲ ਸਾਲਾਂ ਤੋਂ ਜਿਸ ਚੀਜ਼ ਦੀ ਕਮੀ ਸੀ, ਉਹ ਸੀ ਅਜਿਹੀ ਲੀਡਰਸ਼ਿਪ ਜੋ ਨਿੱਜੀ ਅਤੇ ਸਿਆਸੀ ਹਿੱਤਾਂ ਤੋਂ ਉੱਪਰ ਉੱਠ ਕੇ ਸੂਬੇ ਦੇ ਹਿੱਤਾਂ ਨੂੰ ਮੁੱਖ ਰੱਖੇ।

ਨੌਜਵਾਨਾਂ ਨੂੰ ਭਾਵੁਕ ਅਪੀਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕਿਸੇ ਵੀ ਨੌਜਵਾਨ ਨੂੰ ਸਿਰਫ਼ ਕੈਨੇਡਾ, ਅਮਰੀਕਾ ਜਾਂ ਹੋਰ ਵਿਦੇਸ਼ਾਂ ਦੇ ਸੁਪਨੇ ਦੇਖਣ ਲਈ ਮਜਬੂਰ ਨਹੀਂ ਹੋਣਾ ਚਾਹੀਦਾ। ਅਸੀਂ ਇੱਥੇ ਪੰਜਾਬ ਵਿੱਚ ਹੀ ਮੌਕੇ ਪੈਦਾ ਕਰ ਰਹੇ ਹਾਂ। ਅਸੀਂ ਸਾਰੇ ਮਿਲ ਕੇ ਇੱਕ ਅਜਿਹਾ ਰੰਗਲਾ ਪੰਜਾਬ ਬਣਾਵਾਂਗੇ ਜਿੱਥੇ ਸਾਡੇ ਨੌਜਵਾਨ ਆਪਣੇ ਪਰਿਵਾਰਾਂ ਅਤੇ ਜੜ੍ਹਾਂ ਦੇ ਨੇੜੇ ਰਹਿ ਕੇ ਆਪਣੀਆਂ ਇੱਛਾਵਾਂ ਨੂੰ ਪੂਰਾ ਕਰ ਸਕਣਗੇ।

ਮੁੱਖ ਮੰਤਰੀ ਨੇ ਕਿਹਾ, ਸਾਲਾਂਬੱਧੀ, ਪਰਿਵਾਰਾਂ ਨੂੰ ਮੁਸ਼ਕਲ ਹਾਲਾਤਾਂ ਵਿੱਚ ਧੱਕਿਆ ਗਿਆ। ਮਾਪੇ ਪਿੱਛੇ ਰਹਿ ਗਏ ਜਦੋਂ ਕਿ ਉਨ੍ਹਾਂ ਦੇ ਬੱਚੇ ਮੌਕਿਆਂ ਦੀ ਭਾਲ ਵਿੱਚ ਮਜਬੂਰਨ ਵਿਦੇਸ਼ ਚਲੇ ਗਏ। ਅਸੀਂ ਸਿੱਖਿਆ, ਸਿਹਤ ਸੰਭਾਲ, ਰੁਜ਼ਗਾਰ ਦੇ ਮੌਕੇ ਪੈਦਾ ਕਰਕੇ ਅਤੇ ਬਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਉਸ ਹਕੀਕਤ ਨੂੰ ਬਦਲ ਰਹੇ ਹਾਂ।

ਅੱਜ ਦੇ ਵਿਸ਼ਾਲ ਇਕੱਠ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਇੱਥੇ ਇੰਨੀ ਵੱਡੀ ਗਿਣਤੀ ਵਿੱਚ ਮਾਵਾਂ, ਭੈਣਾਂ, ਬਜ਼ੁਰਗਾਂ ਅਤੇ ਨੌਜਵਾਨਾਂ ਦਾ ਇਕੱਠੇ ਹੋਣਾ ਲੋਕਾਂ ਅਤੇ ਇਸ ਸਰਕਾਰ ਵਿਚਕਾਰ ਗੂੜ੍ਹੀ ਸਾਂਝ ਨੂੰ ਦਰਸਾਉਂਦਾ ਹੈ। ਇਹ ਮਹਿਜ਼ ਇੱਕ ਸਿਆਸੀ ਪ੍ਰੋਗਰਾਮ ਨਹੀਂ ਹੈ; ਇਹ ਮੇਰੀ ਮੇਰੇ ਆਪਣੇ ਪਰਿਵਾਰ ਨਾਲ ਇੱਕ ਮਿਲਣੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਰਾ ਪੰਜਾਬ ਮੇਰਾ ਪਰਿਵਾਰ ਹੈ। ਨੌਜਵਾਨਾਂ ਲਈ ਨੌਕਰੀਆਂ, ਬੱਚਿਆਂ ਲਈ ਮਿਆਰੀ ਸਿੱਖਿਆ ਅਤੇ ਹਰ ਘਰ ਲਈ ਵਧੀਆ ਸਿਹਤ ਸਹੂਲਤਾਂ ਯਕੀਨੀ ਬਣਾਉਣਾ ਮੇਰੀ ਜ਼ਿੰਮੇਵਾਰੀ ਹੈ। ਲੋਕਾਂ ਵੱਲੋਂ ਦਿਖਾਇਆ ਗਿਆ ਪਿਆਰ ਅਤੇ ਵਿਸ਼ਵਾਸ ਮੈਨੂੰ ਹੋਰ ਵੀ ਤਨਦੇਹੀ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦਾ ਹੈ। ਮਹਿਲਾ ਕਰਮਚਾਰੀਆਂ ਲਈ ਵੱਡੀ ਰਾਹਤ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਪੰਜਾਬ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਗਰੁੱਪ-ਸੀ ਅਤੇ ਗਰੁੱਪ-ਡੀ ਦੀਆਂ ਮਹਿਲਾ ਕਰਮਚਾਰੀਆਂ ਨੂੰ ਉਨ੍ਹਾਂ ਦੇ ਘਰਾਂ ਦੇ 40 ਕਿਲੋਮੀਟਰ ਦੇ ਘੇਰੇ ਵਿੱਚ ਤਾਇਨਾਤ ਕੀਤਾ ਜਾਵੇਗਾ। ਮੈਂ ਅਧਿਕਾਰੀਆਂ ਨੂੰ ਇਸ ਉਪਰਾਲੇ ਨੂੰ ਛੇਤੀ ਤੋਂ ਛੇਤੀ ਲਾਗੂ ਕਰਨ ਲਈ ਰੂਪ-ਰੇਖਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਹਨ। ਸਟਾਫ ਨਰਸਾਂ, ਅਧਿਆਪਕਾਂ ਅਤੇ ਮਹਿਲਾ ਪੁਲਿਸ ਕਰਮਚਾਰੀਆਂ ਸਮੇਤ ਹਜ਼ਾਰਾਂ ਮਹਿਲਾ ਕਰਮਚਾਰੀਆਂ ਨੂੰ ਇਸ ਫੈਸਲੇ ਦਾ ਲਾਭ ਮਿਲੇਗਾ। ਅਸੀਂ ਪ੍ਰਸ਼ਾਸਨ ਨੂੰ ਔਰਤਾਂ ਦੀਆਂ ਲੋੜਾਂ ਪ੍ਰਤੀ ਵਧੇਰੇ ਸੰਵੇਦਨਸ਼ੀਲ ਅਤੇ ਜਵਾਬਦੇਹ ਬਣਾਉਣ ਲਈ ਵਚਨਬੱਧ ਹਾਂ।

ਇੱਕ ਹੋਰ ਪਹਿਲਕਦਮੀ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, ਪੰਜਾਬ ਨੇ ਹਾਈ-ਟੈਂਸ਼ਨ ਬਿਜਲੀ ਦੀਆਂ ਤਾਰਾਂ ਨੂੰ ਜ਼ਮੀਨਦੋਜ਼ (ਅੰਡਰਗਰਾਊਂਡ) ਕਰਨ ਲਈ ਦੇਸ਼ ਦਾ ਪਹਿਲਾ ਪ੍ਰੋਜੈਕਟ ਸ਼ੁਰੂ ਕੀਤਾ ਹੈ। ਇਹ ਪ੍ਰੋਜੈਕਟ ਪਿੰਡਾਂ ਨੂੰ ਉਪਰੋਂ ਲੰਘਦੀਆਂ ਤਾਰਾਂ ਅਤੇ ਖੰਭਿਆਂ ਤੋਂ ਮੁਕਤ ਕਰੇਗਾ। ਉੱਪਰਲੀਆਂ ਤਾਰਾਂ ਲੋਕਾਂ, ਪਸ਼ੂਆਂ ਅਤੇ ਖੇਤੀਬਾੜੀ ਮਸ਼ੀਨਰੀ ਲਈ ਖ਼ਤਰਾ ਬਣੀਆਂ ਰਹਿੰਦੀਆਂ ਹਨ। ਫ਼ਸਲਾਂ ਨੂੰ ਅੱਗ ਲੱਗਣ, ਤੂਫ਼ਾਨ ਅਤੇ ਹਾਦਸਿਆਂ ਕਾਰਨ ਅਕਸਰ ਬਿਜਲੀ ਦੇ ਢਾਂਚੇ ਨੂੰ ਨੁਕਸਾਨ ਪਹੁੰਚਦਾ ਹੈ। ਇਹ ਪ੍ਰੋਜੈਕਟ ਲੋਕਾਂ ਨੂੰ ਲੰਬੇ ਸਮੇਂ ਦੀ ਰਾਹਤ ਦੇਵੇਗਾ ਅਤੇ ਪਿੰਡਾਂ ਵਿੱਚ ਸੁਰੱਖਿਆ ਨੂੰ ਬਿਹਤਰ ਬਣਾਏਗਾ।

ਮੁੱਖ ਮੰਤਰੀ ਨੇ ਕਿਹਾ, ਅੱਜ ਪੰਜਾਬ ਦੇ 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ। ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜਿਸ ਨੂੰ ਕਦੇ ਅਸੰਭਵ ਮੰਨਿਆ ਜਾਂਦਾ ਸੀ। ਇਸ ਨਾਲ ਕਿਸਾਨਾਂ ਨੂੰ ਹਜ਼ਾਰਾਂ ਰੁਪਏ ਬਚਾਉਣ ਵਿੱਚ ਮਦਦ ਮਿਲੀ ਹੈ ਜੋ ਪਹਿਲਾਂ ਜਨਰੇਟਰਾਂ ਲਈ ਡੀਜ਼ਲ 'ਤੇ ਖਰਚ ਹੁੰਦੇ ਸਨ। ਉਨ੍ਹਾਂ ਅੱਗੇ ਕਿਹਾ, ਆਪ ਸਰਕਾਰ ਨੇ ਸੂਬੇ ਵਿੱਚ ਸਿੰਚਾਈ ਨੂੰ ਮਜ਼ਬੂਤ ਕਰਨ ਲਈ 14,000 ਕਿਲੋਮੀਟਰ ਤੋਂ ਵੱਧ ਪਾਈਪਲਾਈਨਾਂ ਅਤੇ ਖਾਲੇ ਵਿਛਾਏ ਹਨ ਅਤੇ 21,000 ਕਿਊਸਿਕ ਪਾਣੀ ਛੱਡਿਆ ਹੈ। ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਸੁਧਾਰਨ ਅਤੇ ਟਿਕਾਊ ਪਾਣੀ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਰੀਚਾਰਜ ਪੁਆਇੰਟ ਵੀ ਬਣਾਏ ਗਏ ਹਨ। ਭਲਾਈ ਸਕੀਮਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਸਾਰੇ ਵਰਗਾਂ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਮਿਲਣਗੇ, ਜਦੋਂ ਕਿ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਮਿਲਣਗੇ। ਇਹ ਸਹਾਇਤਾ ਸਾਡੀਆਂ ਮਾਵਾਂ ਅਤੇ ਧੀਆਂ ਦੇ ਸਤਿਕਾਰ ਦਾ ਪ੍ਰਤੀਕ ਹੈ। ਮੁੱਖ ਮੰਤਰੀ ਨੇ ਕਿਹਾ, ਇਸ ਸਕੀਮ ਦਾ ਲਾਭ ਲੈਣ ਵਾਲੀਆਂ ਔਰਤਾਂ ਦੇ ਚਿਹਰਿਆਂ 'ਤੇ ਮੁਸਕਰਾਹਟ ਮੇਰੇ ਮਨ ਨੂੰ ਸਕੂਨ ਦਿੰਦੀ ਹੈ। ਸਰਕਾਰ ਪੰਜਾਬ ਦੇ ਹਰ ਪਰਿਵਾਰ ਅਤੇ ਹਰ ਮਹਿਲਾ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ।

ਸਿਹਤ ਸੰਭਾਲ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ, ਮੁੱਖ ਮੰਤਰੀ ਸਿਹਤ ਯੋਜਨਾ ਸਿਹਤ ਸੰਭਾਲ ਵੱਲ ਕ੍ਰਾਂਤੀਕਾਰੀ ਕਦਮ ਹੈ। ਪੰਜਾਬ ਦਾ ਹਰ ਪਰਿਵਾਰ ਸਾਲਾਨਾ 10 ਲੱਖ ਰੁਪਏ ਤੱਕ ਦੇ ਕੈਸ਼ਲੈੱਸ ਇਲਾਜ ਦਾ ਹੱਕਦਾਰ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਅਜਿਹੀ ਵਿਆਪਕ ਯੋਜਨਾ ਦੀ ਸਹੂਲਤ ਪ੍ਰਦਾਨ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ।

# ਲੋਕਾਂ ਦੇ ਦੁੱਖ-ਸੁੱਖ ਵਿੱਚ ਸਾਥ ਨਿਭਾ ਰਿਹਾ ਅਕਾਲੀ ਦਲ ਬਾਦਲ : ਰਾਜੂ ਖੰਨਾ



**ਅਮਲੋਹ, 18 ਜੂਨ (ਛਤਰਪਾਲ ਸਿੰਘ):** ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਦੀ ਅਗਵਾਈ ਹੇਠ ਗੜੇਮਾਰੀ ਪ੍ਰਭਾਵਿਤ ਪਿੰਡ ਭਲਾਈਆਣਾ (ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ) ਦੇ ਲੋੜਵੰਦ ਪਰਿਵਾਰਾਂ ਲਈ 200 ਕੁਇੰਟਲ ਕਣਕ ਨਾਲ ਭਰਿਆ ਟਰੱਕ ਰਵਾਨਾ ਕੀਤਾ ਗਿਆ। ਇਸ ਮੌਕੇ ਰਾਜੂ ਖੰਨਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ ਵਿੱਚ ਨਾਲ ਖੜ੍ਹਦਾ ਹੈ ਅਤੇ ਕੁਦਰਤੀ ਆਫ਼ਤਾਂ ਨਾਲ ਪ੍ਰਭਾਵਿਤ ਪਰਿਵਾਰਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਸਮੱਗਰੀ ਪਹੁੰਚਾਈ ਜਾ ਰਹੀ ਹੈ।

ਟਰੱਕ ਰਵਾਨਾ ਕਰਨ ਮੌਕੇ ਅਕਾਲੀ ਦਲ ਦੇ ਸੀਨੀਅਰ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਸਮਰਥਕ ਮੌਜੂਦ ਸਨ। ਪਿੰਡ ਭਲਾਈਆਣਾ ਦੇ ਵਸਨੀਕਾਂ ਨੇ ਇਸ ਸਹਾਇਤਾ ਲਈ ਅਕਾਲੀ ਦਲ ਦਾ ਧੰਨਵਾਦ ਕੀਤਾ।

# ਰੁਜ਼ਗਾਰ ਨਾ ਮਿਲਣ ਤੋਂ ਪਰੇਸ਼ਾਨ 24 ਸਾਲਾ ਲੜਕੀ ਵੱਲੋਂ ਓਵਰਬ੍ਰਿਜ ਤੋਂ ਛਾਲ ਮਾਰ ਕੇ ਖੁਦਕੁਸ਼ੀ



**ਸੰਗਰੂਰ, 18 ਜੂਨ**
**-ਜਗਦੇਵ ਰੰਚਨਾਂ-**

ਇੱਥੇ ਸੰਗਰੂਰ-ਲੁਧਿਆਣਾ ਸਟੇਟ ਹਾਈਵੇਅ ਉੱਪਰ ਧੂਰੀ ਰੋਡ 'ਤੇ ਰੇਲਵੇ ਓਵਰਬ੍ਰਿਜ ਤੋਂ ਛਾਲ ਮਾਰ ਕੇ ਇੱਕ ਬੇਰੁਜ਼ਗਾਰ ਲੜਕੀ ਵੱਲੋਂ ਖ਼ੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।

ਪੁਲੀਸ ਵੱਲੋਂ ਮੁੱਢਲੀ ਜਾਂਚ ਤੋਂ ਬਾਅਦ ਇਸ ਮਾਮਲੇ ਨੂੰ ਖ਼ੁਦਕੁਸ਼ੀ ਦਾ ਦੱਸਿਆ ਗਿਆ ਹੈ।

**ਇੰਟਰਵਿਊ ਵਿੱਚ ਅਸਫ਼ਲ ਰਹਿਣ ਕਾਰਨ ਸੀ ਪਰੇਸ਼ਾਨ**

ਡੀ.ਐੱਸ.ਪੀ. ਸੰਗਰੂਰ ਦਲਵੀਰ ਸਿੰਘ ਸਿੱਧੂ ਨੇ ਥਾਣਾ ਸਿਟੀ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅੱਜ ਸਵੇਰੇ ਧੂਰੀ ਰੋਡ ਓਵਰਬ੍ਰਿਜ ਨੇੜੇ ਇੱਕ ਲੜਕੀ ਦੀ ਲਾਸ਼ ਮਿਲੀ ਹੈ। ਜਾਂਚ ਤੋਂ ਪਤਾ ਲੱਗਿਆ ਹੈ ਕਿ ਕਰੀਬ 24 ਸਾਲਾ ਲੜਕੀ ਰਜਨੀ, ਸ਼ਹਿਰ ਧੂਰੀ ਦੀ ਰਹਿਣ ਵਾਲੀ ਸੀ, ਜੋ ਕਿ ਲੰਘੇ ਕੱਲ੍ਹ ਸੰਗਰੂਰ ਵਿਖੇ ਇੱਕ ਕੰਪਨੀ ਵਿੱਚ ਰੁਜ਼ਗਾਰ ਲਈ ਇੰਟਰਵਿਊ ਦੇਣ ਆਈ ਸੀ ਪ੍ਰੰਤੂ ਇੰਟਰਵਿਊ ਵਿੱਚ ਸਫ਼ਲ ਨਹੀਂ ਹੋ ਸਕੀ। ਜਿਸ ਕਾਰਨ ਮਾਨਸਿਕ ਤੌਰ 'ਤੇ ਪਰੇਸ਼ਾਨ ਹੋ ਕੇ ਉਸ ਨੇ ਓਵਰਬ੍ਰਿਜ ਤੋਂ ਛਾਲ ਮਾਰ ਕੇ ਖ਼ੁਦਕੁਸ਼ੀ ਕਰ ਲਈ।

**ਪਰਿਵਾਰ ਵੱਲੋਂ ਕਿਸੇ 'ਤੇ ਕੋਈ ਸ਼ੱਕ ਨਹੀਂ**

ਮ੍ਰਿਤਕ ਲੜਕੀ ਆਪਣੀ ਵੱਡੀ ਭੈਣ ਦੀਪਿਕਾ ਅਤੇ ਜੀਜਾ ਓਮ ਸ਼ੰਕਰ ਕੋਲ ਰਹਿੰਦੀ ਸੀ, ਜਿਨ੍ਹਾਂ ਨੇ ਪੁਲੀਸ ਨੂੰ ਦੱਸਿਆ ਹੈ ਕਿ ਉਹ ਰੁਜ਼ਗਾਰ ਨਾ ਮਿਲਣ ਕਾਰਨ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿੰਦੀ ਸੀ। ਉਨ੍ਹਾਂ ਕਿਹਾ ਕਿ ਸਾਨੂੰ ਕਿਸੇ 'ਤੇ ਕੋਈ ਸ਼ੱਕ ਨਹੀਂ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕਾ ਦੀ ਭੈਣ ਦੇ ਬਿਆਨਾਂ ਦੇ ਆਧਾਰ 'ਤੇ ਧਾਰਾ 194 (ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ / BNS-ਸੰਬੰਧਿਤ ਪ੍ਰਕਿਰਿਆ) ਤਹਿਤ ਕਾਰਵਾਈ ਕੀਤੀ ਗਈ ਹੈ।

ਜੇਕਰ ਪੋਸਟਮਾਰਟਮ ਦੀ ਰਿਪੋਰਟ ਵਿੱਚ ਕੋਈ ਹੋਰ ਗੱਲ ਸਾਹਮਣੇ ਆਈ ਤਾਂ ਕਾਨੂੰਨ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ।

# ਚਰਨਜੀਤ ਸਿੰਘ ਧਾਲੀਵਾਲ ਵੱਲੋਂ ਹਲਕਾ ਸਮਾਣਾ ਦੇ ਪਿੰਡਾਂ ਵਿੱਚ ਲੋਕ ਮੀਟਿੰਗਾਂ, ਵਿਕਾਸ ਮੁੱਦਿਆਂ 'ਤੇ ਕੀਤੀ ਚਰਚਾ



**ਸਮਾਣਾ, 18 ਜੂਨ**
**-ਵਿਸ਼ਾਲ ਗੁਪਤਾ-**

ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਦੇ ਛੋਟੇ ਭਰਾ ਅਤੇ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਨੇ ਹਲਕਾ ਸਮਾਣਾ ਦੇ ਪਿੰਡ ਦਸਮੇਸ਼ ਨਗਰ, ਰਾਮਨਗਰ ਬਖਸ਼ੀਵਾਲਾ ਅਤੇ ਬਠੋਈ ਕਲਾਂ ਦਾ ਦੌਰਾ ਕਰਕੇ ਪਿੰਡ ਵਾਸੀਆਂ ਨਾਲ ਲੋਕ ਮੀਟਿੰਗਾਂ ਕੀਤੀਆਂ। ਇਸ ਦੌਰਾਨ ਉਨ੍ਹਾਂ ਨੇ ਪਿੰਡਾਂ ਦੇ ਵਿਕਾਸ ਕਾਰਜਾਂ, ਬੁਨਿਆਦੀ ਸਹੂਲਤਾਂ ਅਤੇ ਲੋਕ ਭਲਾਈ ਨਾਲ ਜੁੜੇ ਮੁੱਦਿਆਂ ਸੰਬੰਧੀ ਪਿੰਡ ਵਾਸੀਆਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।

ਸ. ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਸ਼ਹਿਰੀ ਖੇਤਰਾਂ ਦੇ ਨਾਲ-ਨਾਲ ਪੇਂਡੂ ਖੇਤਰਾਂ ਵਿੱਚ ਵੀ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵਿਕਾਸ ਦੀ ਰਫ਼ਤਾਰ ਹੋਰ ਤੇਜ਼ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ।

ਉਨ੍ਹਾਂ ਕਿਹਾ ਕਿ ਵਿਕਾਸ ਯੋਜਨਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਲੋਕਾਂ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਇਸੇ ਮੰਤਵ ਨਾਲ ਪਿੰਡ-ਪਿੰਡ ਜਾ ਕੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ ਜਾ ਰਿਹਾ ਹੈ ਤਾਂ ਜੋ ਉਨ੍ਹਾਂ ਦੀਆਂ ਲੋੜਾਂ ਅਤੇ ਸੁਝਾਵਾਂ ਦੇ ਆਧਾਰ 'ਤੇ ਵਿਕਾਸ ਕਾਰਜਾਂ ਨੂੰ ਅਮਲੀ ਰੂਪ ਦਿੱਤਾ ਜਾ ਸਕੇ।

# ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੀ ਅਹਿਮ ਮੀਟਿੰਗ ਵਿੱਚ ਕਥਿਤ ਝੂਠੇ ਪੁਲਿਸ ਮੁਕਾਬਲਿਆਂ 'ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ

**ਚੰਡੀਗੜ੍ਹ, 18 ਜੂਨ**
**-ਸ਼.ਅ.ਬਿਓਰੋ-**

ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੀ ਇੱਕ ਅਹਿਮ ਮੀਟਿੰਗ ਮੁੱਖ ਦਫ਼ਤਰ ਸੈਕਟਰ 28-ਏ, ਚੰਡੀਗੜ੍ਹ ਵਿਖੇ ਜਸਟਿਸ ਰਣਜੀਤ ਸਿੰਘ (ਰਿਟਾਇਰਡ) ਚੇਅਰਮੈਨ ਪੀ.ਐੱਚ.ਆਰ.ਓ. ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਡਾਕਟਰ ਪਿਆਰੇ ਲਾਲ ਗਰਗ, ਡਾਕਟਰ ਖੁਸ਼ਹਾਲ ਸਿੰਘ, ਪੱਤਰਕਾਰ ਹਮੀਰ ਸਿੰਘ, ਸੀਨੀਅਰ ਵਕੀਲ ਆਰ.ਐੱਸ. ਬੈਂਸ, ਸਰਬਜੀਤ ਸਿੰਘ ਵੇਰਕਾ ਅਤੇ ਗੁਰਸ਼ਮਸ਼ੀਰ ਸਿੰਘ ਸ਼ਾਮਲ ਹੋਏ। ਮੀਟਿੰਗ ਵਿੱਚ ਪਿਛਲੇ ਕਰੀਬ ਦੋ ਸਾਲਾਂ ਵਿੱਚ ਮੌਜੂਦਾ ਆਪ ਸਰਕਾਰ ਅਧੀਨ ਪੰਜਾਬ ਪੁਲਿਸ ਵੱਲੋਂ 50 ਦੇ ਕਰੀਬ ਝੂਠੇ ਮੁਕਾਬਲਿਆਂ ਦੇ ਵੇਰਵੇ 'ਤੇ ਵਿਚਾਰ-ਚਰਚਾ ਕੀਤੀ ਗਈ ਅਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ।

ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ 1992 ਦੀ ਬੇਅੰਤ ਸਿੰਘ ਸਰਕਾਰ ਦੇ ਢੰਗ ਤਰੀਕੇ ਵਰਤਣ ਅਤੇ ਪੁਲਿਸ ਨੂੰ ਕਾਨੂੰਨ ਆਪਣੇ ਹੱਥ ਵਿੱਚ ਲੈਣ ਲਈ ਖੁੱਲ੍ਹੀ ਛੋਟ ਦੇਣ ਦੀ ਨਿਖੇਧੀ ਕੀਤੀ ਗਈ। ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ 35 ਝੂਠੇ ਪੁਲਿਸ ਮੁਕਾਬਲਿਆਂ ਦੀ ਰਿਪੋਰਟ ਡੀ.ਜੀ.ਪੀ. ਤੋਂ ਮੰਗਣ 'ਤੇ ਵੀ ਵਿਚਾਰ ਕੀਤਾ ਗਿਆ ਅਤੇ ਮਹਿਸੂਸ ਕੀਤਾ ਕਿ ਡੀ.ਜੀ.ਪੀ. ਪੰਜਾਬ ਪੁਲਿਸ, ਜਿਸ ਅਧੀਨ ਪੁਲਿਸ ਨੇ ਇਹ ਗ਼ੈਰ-ਕਾਨੂੰਨੀ ਕੰਮ ਕੀਤੇ ਹਨ, ਤੋਂ ਸਹੀ ਰਿਪੋਰਟ ਦੀ ਆਸ ਨਹੀਂ ਕੀਤੀ ਜਾ ਸਕਦੀ।

ਮੀਟਿੰਗ ਵਿੱਚ ਗੁਰਦਾਸਪੁਰ ਪੁਲਿਸ ਵੱਲੋਂ ਮਿਤੀ 25.2.26 ਨੂੰ ਝੂਠੇ ਮੁਕਾਬਲੇ ਵਿੱਚ ਮਾਰੇ ਰਣਜੀਤ ਸਿੰਘ, ਮਿਤੀ 19/20.3.26 ਨੂੰ ਐੱਨ.ਸੀ.ਬੀ. ਵੱਲੋਂ ਜੰਮੂ ਦੇ ਬੀ.ਐੱਸ.ਐੱਫ. ਜਵਾਨ ਜਸਵਿੰਦਰ ਸਿੰਘ ਦਾ ਕੇਸ ਪੁਲਿਸ ਨੂੰ ਨਹੀਂ ਦਿੱਤਾ ਜਾ ਸਕਦਾ। ਸੰਸਥਾ ਵੱਲੋਂ ਪੰਜਾਬ ਵਿੱਚ ਵਧ ਰਹੇ ਨਸ਼ੇ ਦੇ ਕਾਰੋਬਾਰ, ਫਿਰੌਤੀਆਂ ਅਤੇ ਗੈਂਗਸਟਰ ਕਲਚਰ ਵਿੱਚ ਪੁਲਿਸ ਦੀ ਭੂਮਿਕਾ ਦੀ ਜਾਂਚ ਦੀ ਮੰਗ ਕੀਤੀ ਗਈ ਅਤੇ ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਸਿਰਫ਼ ਕੁਝ ਪੁਲਿਸ ਅਫ਼ਸਰ ਹੀ ਕਿਉਂ ਹਨ, ਜੋ ਅਕਾਲੀ, ਕਾਂਗਰਸ ਜਾਂ ਆਪ ਸਰਕਾਰ ਦੌਰਾਨ ਅਹਿਮ ਅਹੁਦਿਆਂ 'ਤੇ ਰਹਿੰਦੇ ਹਨ ਅਤੇ ਪੰਜਾਬ ਦੇ ਹਾਲਾਤ ਦਿਨੋ-ਦਿਨ ਖਰਾਬ ਹੋਣ ਦੇ ਬਾਵਜੂਦ ਇਨ੍ਹਾਂ ਅਫ਼ਸਰਾਂ ਦੇ ਖ਼ਿਲਾਫ਼ ਕੋਈ ਕਾਰਵਾਈ ਕਿਉਂ ਨਹੀਂ ਕੀਤੀ ਜਾਂਦੀ, ਜਿਸ ਤੋਂ ਪਤਾ ਲਗਦਾ ਹੈ ਕਿ ਪੰਜਾਬ ਦੇ ਹਾਲਾਤ ਨੂੰ ਇੱਕ ਡੂੰਘੀ ਸਾਜ਼ਿਸ਼ ਅਧੀਨ ਖਰਾਬ ਕੀਤਾ ਜਾ ਰਿਹਾ ਹੈ। ਮੀਟਿੰਗ ਵਿੱਚ ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੇ ਜ਼ਿਲ੍ਹਾ ਪੱਧਰੀ ਯੂਨਿਟ ਬਣਾਉਣ ਨੂੰ ਵੀ ਮਨਜ਼ੂਰੀ ਦਿੱਤੀ ਗਈ, ਤਾਂ ਜੋ ਜ਼ਮੀਨੀ ਪੱਧਰ 'ਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਕੀਤੀ ਜਾ ਸਕੇ ਅਤੇ ਇਸ ਦੇ ਉਲੰਘਣਾ ਦੇ ਕੇਸਾਂ ਦੀ ਚੰਗੀ ਤਰ੍ਹਾਂ ਪੈਰਵਾਈ ਕੀਤੀ ਜਾ ਸਕੇ।

## ਸ਼ਹੀਦੀ ਦਿਹਾੜਾ ਮਨਾਇਆ

**ਸਮਰਾਲਾ, 18 ਜੂਨ**
**-ਸ਼.ਅ.ਬਿਓਰੋ-**

ਸ੍ਰੀ ਗੁਰੂ ਅਰਜੁਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਾਛੀਵਾੜਾ ਰੋਡ ਦੇ ਗੁਰਦੁਆਰਾ ਸੰਗਤ ਸਾਹਿਬ ਅਤੇ ਸਮੂਹ ਸੰਗਤਾਂ ਵਲੋਂ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਦੇ ਲੰਗਰ ਲਗਾਏ ਗਏ। ਜਿਸ ਵਿਚ ਪ੍ਰਧਾਨ ਅਜਿਤ ਸਿੰਘ, ਹਿੰਮਤ ਸਿੰਘ, ਸਮਸ਼ੇਰ ਸਿੰਘ, ਡਾ ਕੁਲਦੀਪ ਸਿੰਘ, ਮਾ ਸਤਿੰਦਰ ਸਿੰਘ, ਬਲਵੀਰ ਸਿੰਘ, ਹਰਦੀਪ ਸਿੰਘ, ਹਰਪ੍ਰੀਤ ਸਿੰਘ, ਕੁਲਵੀਰ ਸਿੰਘ, ਜਸਪਾਲ ਸਿੰਘ, ਹਰਜੀਤ ਸਿੰਘ, ਦਰਸ਼ਨ ਸਿੰਘ, ਮਨਜੀਤ ਸਿੰਘ ਟਿਵਾਣਾ ਹਾਜ਼ਰ ਸਨ।

# ਵਿਧਾਇਕ ਦੇਵ ਮਾਨ ਨੇ ਪਿੰਡ ਗੁਣੀਕੇ ਵਿਖੇ ਕੀਤੀ ਲੋਕ ਮਿਲਣੀ, ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

**ਨਾਭਾ, 18 ਜੂਨ**
**-ਹਰਸ਼ਪ੍ਰੀਤ ਕੌਰ-**

ਹਲਕਾ ਨਾਭਾ ਦੇ ਪਿੰਡ ਗੁਣੀਕੇ ਵਿਖੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਲੋਕ ਮਿਲਣੀ ਕਰਕੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ। ਇਸ ਮੌਕੇ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਸੂਬੇ ਅੰਦਰ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਅਤੇ ਲੋਕ ਭਲਾਈ ਦੀਆਂ ਸਕੀਮਾਂ ਦਾ ਲਾਭ ਹਰ ਵਰਗ ਦੇ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਵਿਧਾਇਕ ਦੇਵ ਮਾਨ ਨੇ ਕਿਹਾ ਕਿ ਹਲਕਾ ਨਾਭਾ ਦੇ ਪਿੰਡਾਂ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ, ਜਿਨ੍ਹਾਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਨਵੀਆਂ ਸੜਕਾਂ ਦੀ ਉਸਾਰੀ ਅਤੇ



ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਾਵਾਂ-ਭੈਣਾਂ ਲਈ ਸ਼ੁਰੂ ਕੀਤੀਆਂ ਲੋਕ ਭਲਾਈ ਸਕੀਮਾਂ ਤਹਿਤ ਯੋਗ ਲਾਭਪਾਤਰੀਆਂ ਦੇ ਫਾਰਮ ਬਿਨਾਂ ਕਿਸੇ ਭੇਦਭਾਵ ਦੇ ਭਰੇ ਜਾ ਰਹੇ ਹਨ, ਤਾਂ ਜੋ ਹਰ ਜ਼ਰੂਰਤਮੰਦ ਪਰਿਵਾਰ ਤੱਕ ਸਰਕਾਰੀ ਸਹੂਲਤਾਂ ਪਹੁੰਚ ਸਕਣ , ਇਸ ਦੌਰਾਨ ਵਿਧਾਇਕ ਦੇਵ ਮਾਨ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

# ਜੀਐੱਮਸੀਐੱਚ ਸੀਨੀਅਰ ਸਿਟੀਜ਼ਨ ਹੋਮ ਵਿਖੇ ਇਲੈਕਟੋਰਲ ਰੋਲਸ ਦੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) 'ਤੇ ਓਰੀਐਂਟੇਸ਼ਨ ਪ੍ਰੋਗਰਾਮ ਆਯੋਜਿਤ



**ਚੰਡੀਗੜ੍ਹ, 18 ਜੂਨ**
**-ਸ਼.ਅ.ਬਿਓਰੋ-**

ਸਿਸਟਮੈਟਿਕ ਵੋਟਰਸ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟਿਸਿਪੇਸ਼ਨ (ਸਵੀਪ/ਐੱਸਵੀਈਈਪੀ) ਪ੍ਰੋਗਰਾਮ ਅਤੇ ਵੋਟਰ ਅਵੇਅਰਨੈੱਸ ਫੋਰਮ (ਵੀਏਐੱਫ) ਦੇ ਤਹਿਤ ਚਲ ਰਹੀਆਂ ਵੋਟਰ ਜਾਗਰੂਕਤਾ ਗਤੀਵਿਧੀਆਂ ਦੇ ਹਿੱਸੇ ਦੇ ਰੂਪ ਵਿੱਚ, 17 ਜੂਨ, 2026 ਨੂੰ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ (ਜੀਐੱਮਸੀਐੱਚ), ਸੈਕਟਰ 32, ਚੰਡੀਗੜ੍ਹ ਵਿਖੇ ਇੱਕ ਓਰੀਐਂਟੇਸ਼ਨ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਦਾ ਉਦੇਸ਼ ਇਲੈਕਟੋਰਲ ਰੋਲਸ ਦੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ/2026 ਦੇ ਗਣਨਾ ਪੜਾਅ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।

ਇਸ ਪ੍ਰੋਗਰਾਮ ਵਿੱਚ ਸੰਸਥਾ ਦੇ ਫੈਕਲਟੀ ਮੈਂਬਰਾਂ, ਡਾਕਟਰਾਂ ਅਤੇ ਕਰਮਚਾਰੀਆਂ ਨੇ ਹਿੱਸਾ ਲਿਆ। ਸੈਸ਼ਨ ਦੇ ਦੌਰਾਨ, ਪ੍ਰਤੀਭਾਗੀਆਂ ਨੂੰ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਦੇ ਉਦੇਸ਼ਾਂ ਅਤੇ ਮਹੱਤਵ ਬਾਰੇ ਜਾ ਦੱਸਿਆ ਗਿਆ ਅਤੇ 15 ਜੂਨ ਤੋਂ 14 ਜੁਲਾਈ, 2026 ਤੱਕ ਚਲ ਰਹੇ ਗਣਨਾ ਪੜਾਅ ਬਾਰੇ ਜਾਣਕਾਰੀ ਦਿੱਤੀ ਗਈ। ਪ੍ਰਤੀਭਾਗੀਆਂ ਨੂੰ ਗਣਨਾ ਫਾਰਮ ਜਮ੍ਹਾਂ ਕਰਨ ਦੇ ਮਹੱਤਵ ਬਾਰੇ ਜਾਗਰੂਕ ਕੀਤਾ ਗਿਆ ਤਾਕਿ ਇਲੈਕਟੋਰਲ ਰੋਲ ਵਿੱਚ ਸਾਰੇ ਪਾਤਰ ਇਲੈਕਟਰਸ ਨੂੰ ਸ਼ਾਮਲ ਕੀਤਾ ਜਾ ਸਕੇ ਅਤੇ ਇੱਕ ਸਟੀਕ ਅਤੇ ਤਰੁਟੀ-ਮੁਕਤ ਇਲੈਕਟੋਰਲ ਰੋਲ ਤਿਆਰ ਕਰਨ ਵਿੱਚ ਮਦਦ ਮਿਲ ਸਕੇ। ਬੂਥ ਲੈਵਲ ਅਫ਼ਸਰਾਂ (ਬੀਐੱਲਓਜ਼) ਦੀ ਭੂਮਿਕਾ, ਘਰ-ਘਰ ਜਾ ਕੇ ਗਣਨਾ ਦੀ ਪ੍ਰਕਿਰਿਆ ਅਤੇ ਗਣਨਾ ਫਾਰਮ ਜਮ੍ਹਾਂ ਕਰਨ ਦੇ ਵਿਭਿੰਨ ਤਰੀਕਿਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਪ੍ਰੋਗਰਾਮ ਵਿੱਚ ਭਾਰਤ ਦੇ ਚੋਣ ਕਮਿਸ਼ਨ ਦੀ ਚੋਣ ਭਾਗੀਦਾਰੀ ਨੂੰ ਮਜ਼ਬੂਤ ??ਕਰਨ ਅਤੇ ਇਲੈਕਟੋਰਲ ਰੋਲਸ ਦੀ ਸ਼ੁੱਧਤਾ ਬਣਾਈ ਰੱਖਣ ਦੀ ਪ੍ਰਤੀਬੱਧਤਾ 'ਤੇ ਜ਼ੋਰ ਦਿੱਤਾ ਗਿਆ, ਜਿਸ ਦਾ ਮੁੱਖ ਵਿਸ਼ਾ ਸੀ: ਕੋਈ ਵੀ ਪਾਤਰ ਇਲੈਕਟਰ ਪਿੱਛੇ ਨਾ ਰਹੇ, ਕੋਈ ਅਪਾਤਰ ਨਾਮ ਸ਼ਾਮਲ ਨਾ ਹੋਵੇ।

ਪ੍ਰਤੀਭਾਗੀਆਂ ਨੂੰ ਰਿਵਿਜ਼ਨ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਆਪਣੇ ਪਰਿਵਾਰ ਦੇ ਮੈਂਬਰਾਂ, ਸਹਿਯੋਗੀਆਂ ਅਤੇ ਵਿਆਪਕ ਸਮੁਦਾਇ ਦੇ ਦਰਮਿਆਨ ਜਾਗਰੂਕਤਾ ਫੈਲਾਉਣ ਲਈ ਪ੍ਰੋਤਸਾਹਿਤ ਕੀਤਾ ਗਿਆ, ਤਾਕਿ ਇਲੈਕਟੋਰਲ ਰੋਲਸ, 2026 ਦੇ ਚਲ ਰਹੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਵਿੱਚ ਅਧਿਕਤਮ ਜਨਭਾਗੀਦਾਰੀਸੁਨਿਸ਼ਚਿਤ ਕੀਤੀ ਜਾ ਸਕੇ।

ਇਸੇ ਤਰ੍ਹਾਂ, ਅੱਜ ਸਿਸਟਮੈਟਿਕ ਵੋਟਰਸ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟਿਸਿਪੇਸ਼ਨ (ਸਵੀਪ/ਐੱਸਵੀਈਈਪੀ) ਪ੍ਰੋਗਰਾਮ ਦੇ ਤਹਿਤ ਸੀਨੀਅਰ ਸਿਟੀਜ਼ਨ ਹੋਮ, ਸੈਕਟਰ 15, ਚੰਡੀਗੜ੍ਹ ਵਿਖੇ ਵੀ ਇੱਕ ਹੋਰ ਓਰੀਐਂਟੇਸ਼ਨ ਪ੍ਰੋਗਰਾਮ ਆਯੋਜਿਤ ਕੀਤਾ ਗਿਆ, ਤਾਕਿ ਸੀਨੀਅਰ ਸਿਟੀਜ਼ਨਸ ਨੂੰ ਇਲੈਕਟੋਰਲ ਰੋਲਸ, 2026 ਦੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਦੇ ਗਣਨਾ ਪੜਾਅ ਬਾਰੇ ਜਾਗਰੂਕ ਕੀਤਾ ਜਾ ਸਕੇ। ਇਸ ਸੈਸ਼ਨ ਵਿੱਚ ਇਲੈਕਟੋਰਲ ਰੋਲਸ ਦੀ ਤਸਦੀਕ, ਗਣਨਾ ਫਾਰਮ ਜਮ੍ਹਾਂ ਕਰਨ ਅਤੇ ਸਾਰੇ ਪਾਤਰ ਇਲੈਕਟਰਸ ਨੂੰ ਸ਼ਾਮਲ ਕਰਨ ਦੇ ਮਹੱਤਵ 'ਤੇ ਧਿਆਨ ਕੇਂਦ੍ਰਿਤ ਕੀਤਾ ਗਿਆ।

ਚੰਡੀਗੜ੍ਹ ਪ੍ਰਸ਼ਾਸਨ ਆਪਣੀ ÷ਨੋ ਵ੍ਹੀਕਲ ਵੈਡਨੈਸਡੇ÷ ਪਹਿਲ ਜਾਰੀ ਰੱਖਦਾ ਹੈ, ਸਾਇਕਲਿੰਗ, ਪੈਦਲ ਚਲਣ ਅਤੇ ਪਬਲਿਕ ਟ੍ਰਾਂਸਪੋਰਟ ਦੇ ਜ਼ਰੀਏ ਟਿਕਾਊ ਯਾਤਰਾ ਨੂੰ ਉਤਸ਼ਾਹਿਤ ਕਰਦਾ ਹੈ।

ਈਂਧਣ ਦੀ ਸੰਭਾਲ਼, ਵਧੇਰੇ ਸਵੱਛ ਹਵਾ ਅਤੇ ਵਧੇਰੇ ਹਰਿਤ ਭਵਿੱਖ ਵੱਲ ਇੱਕ ਸਮੂਹਿਕ ਕਦਮ।

# ਪੰਜਾਬ ਟ੍ਰੇਡ ਕਮਿਸ਼ਨ ਵਲੋਂ ਵੱਡੀ ਮੰਗ ਪੂਰੀ ਕਰਨ 'ਤੇ ਮਹਿੰਦਰਗੰਜ ਬਾਜ਼ਾਰ ਦੇ ਦੁਕਾਨਦਾਰਾਂ ਵਿਚ ਖੁਸ਼ੀ ਦੀ ਲਹਿਰ : ਧਮੋਲੀ

**ਰਾਜਪੁਰਾ, 18 ਜੂਨ**
**-ਸ਼.ਅ.ਬਿਓਰੋ-**

ਮਹਿੰਦਰਗਜ ਬਾਜ਼ਾਰ ਦੇ ਦੁਕਾਨਦਾਰਾਂ ਵਿਚ ਖੁਸ਼ੀ ਦੀ ਲਹਿਰ ਦੌੜ ਗਈ ਜਦੋਂ ਬਾਜ਼ਾਰ ਦੀ ਦਹਾਕਾ ਪੁਰਾਣੀ ਮੰਗ ਪੂਰੀ ਹੋ ਗਈ। ਜਾਣਕਾਰੀ ਦਿੰਦਿਆ ਪੰਜਾਬ ਟ੍ਰੇਡ ਕਮਿਸ਼ਨ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਮਹਿੰਦਰਗੰਜ ਬਾਜ਼ਾਰ ਵਿਚ ਟ੍ਰੇਡ ਕਮਿਸ਼ਨ ਦੇ ਚੇਅਰਮੈਨ ਟਿੰਕੂ ਬਾਂਸਲ ਦੀ ਅਗਵਾਈ ਹੇਠ ਵਪਾਰੀਆਂ ਦੀ ਮੀਟਿੰਗ ਹੋਈ ਸੀ ਜਿਸ ਵਿੱਚ ਦੁਕਾਨਦਾਰ ਵੀਰਾਂ ਨੇ ਦੱਸਿਆ ਕਿ ਕਰੀਬ ਇਕ ਦਹਾਕੇ ਤੋਂ ਪੁਰਾਣਾ ਬੱਸ ਸਟੈਂਡ ਵਿਚ ਬੱਸਾਂ ਨਾ ਆਉਣ ਕਾਰਨ ਕੰਮ ਕਾਰ ਠੱਪ ਹੋਣ ਕਾਰਨ ਦੁਕਾਨਦਾਰ ਆਪਣੀਆਂ ਦੁਕਾਨਾਂ ਘੱਟ ਰੇਟ ਤੇ ਵੇਚਣ ਲਈ ਮਜਬੂਰ ਸਨ ਅਤੇ ਦੁਕਾਨਾਂ ਵੇਚਣ ਉਪਰੰਤ ਕਿਸੇ ਹੋਰ ਦੁਕਾਨ ਤੇ ਨੌਕਰੀ ਕਰਨ ਲਈ ਮਜਬੂਰ ਸਨ । ਗੁਰਪ੍ਰੀਤ ਸਿੰਘ ਧਮੋਲੀ ਨੇ ਦੱਸਿਆ ਕਿ ਇਨਾਂ ਦੀ ਮੰਗ ਪੰਜਾਬ ਟ੍ਰੇਡ ਕਮਿਸ਼ਨ ਦੀਆਂ ਬੈਠਕਾਂ ਵਿਚ ਜੋਰਦਾਰ ਢੰਗ ਨਾਲ ਰੱਖਣ ਅਤੇ ਲਗਾਤਾਰ ਮਿਹਨਤ ਨਾਲ ਅੱਜ ਪਟਿਆਲਾ ਤੋਂ ਦਿੱਲੀ ,ਚੰਡੀਗੜ੍ਹ, ਮੁਹਾਲੀ, ਅੰਬਾਲਾ ਆਉਣ ਅਤੇ ਜਾਣ ਵਾਲੀਆਂ ਬੱਸਾਂ ਸ਼ੁਰੂ ਹੋ ਗਈਆਂ ਹਨ



ਇਸ ਖੁਸ਼ੀ ਵਿਚ ਦੁਕਾਨਦਾਰ ਵੀਰਾਂ ਵਲੋਂ ਪੰਜਾਬ ਟ੍ਰੇਡ ਕਮਿਸ਼ਨ ਦੇ ਵਾਈਸ ਚੇਅਰਮੈਨ ਪਟਿਆਲਾ ਗੁਰਪ੍ਰੀਤ ਸਿੰਘ ਧਮੋਲੀ ਅਤੇ ਹਲਕਾ ਰਾਜਪੁਰਾ ਦੇ ਚੇਅਰਮੈਨ ਟਿੰਕੂ ਬਾਂਸਲ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ। ਇਹ ਬੱਸਾਂ ਰਾਜਪੁਰਾ ਟਾਊਨ ਅਤੇ ਪੁਰਾਣਾ ਬੱਸ ਸਟੈਂਡ ਰੇਲਵੇ ਸਟੇਸ਼ਨ ਰਾਹੀਂ ਚੱਲਣ ਨਾਲ ਮਹਿੰਦਰਗੰਜ ਬਾਜ਼ਾਰ ਵਿਚ ਰੌਣਕਾਂ ਲੱਗਣਗੀਆਂ ਅਤੇ ਟਾਊਨ ਵਾਸੀਆਂ ਨੂੰ ਵੱਡੀ ਸਹੂਲਤ ਮਿਲੇਗੀ । ਇਸ ਮੌਕੇ ਪੰਜਾਬ ਟ੍ਰੇਡ ਕਮਿਸ਼ਨ ਰਾਜਪੁਰਾ ਦੇ ਮੈਂਬਰ ਮੁਕੇਸ਼ ਗੁਪਤਾ, ਕੀਰਤ ਸਿੰਘ ਸੇਹਰਾ,ਡਾਕਟਰ ਅਸ਼ੋਕ, ਮਨੀਸ਼ ਸੂਦ, ਸੁਖਵਿੰਦਰ ਸਿੰਘ ਸੁੱਖੀ ਚੀਫ ਇੰਸਪੈਕਟਰ ਪੀ ਆਰ ਟੀ ਸੀ, ਇੰਸਪੈਕਟਰ ਗੁਰਤੇਜ ਸਿੰਘ, ਇੰਸਪੈਕਟਰ ਜਸਪਾਲ ਸਿੰਘ, ਬਲਜਿੰਦਰ ਸਿੰਘ ਅੱਡਾ ਇੰਚਾਰਜ ਰਾਜਪੁਰਾ, ਲੱਕੀ ਪ੍ਰਧਾਨ ,ਵਿਕਾਸ ਵਰਮਾ, ਸਚਿਨ ਬਾਂਸਲ, ਜਸਵਿੰਦਰ ਸਿੰਘ, ਰਾਜਿੰਦਰ ਕੁਮਾਰ, ਜਸਵੰਤ ਸਿੰਘ ਪ੍ਰਧਾਨ ਟੈਕਸੀ ਸਟੈਂਡ, ਮੋਹਨ ਬੈਕਰੀ, ਚੌਹਾਨ ਟੇਲਰ, ਗੁਰਿੰਦਰ ਸਿੰਘ ਹਾਜ਼ਰ ਸਨਪੰਜਾਬ ਟ੍ਰੇਡ ਕਮਿਸ਼ਨ ਵਲੋਂ ਵੱਡੀ ਮੰਗ ਪੂਰੀ ਕਰਨ ਤੇ ਮਹਿੰਦਰਗੰਜ ਬਾਜ਼ਾਰ ਦੇ ਦੁਕਾਨਦਾਰਾਂ ਵਿਚ ਖੁਸ਼ੀ ਦੀ ਲਹਿਰ

ਮਹਿੰਦਰਗਜ ਬਾਜ਼ਾਰ ਦੇ ਦੁਕਾਨਦਾਰਾਂ ਵਿਚ ਖੁਸ਼ੀ ਦੀ ਲਹਿਰ ਦੌੜ ਗਈ ਜਦੋਂ ਬਾਜ਼ਾਰ ਦੀ ਦਹਾਕਾ ਪੁਰਾਣੀ ਮੰਗ ਪੂਰੀ ਹੋ ਗਈ।

ਜਾਣਕਾਰੀ ਦਿੰਦਿਆ ਪੰਜਾਬ ਟ੍ਰੇਡ ਕਮਿਸ਼ਨ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਮਹਿੰਦਰਗੰਜ ਬਾਜ਼ਾਰ ਵਿਚ ਟ੍ਰੇਡ ਕਮਿਸ਼ਨ ਦੇ ਚੇਅਰਮੈਨ ਟਿੰਕੂ ਬਾਂਸਲ ਦੀ ਅਗਵਾਈ ਹੇਠ ਵਪਾਰੀਆਂ ਦੀ ਮੀਟਿੰਗ ਹੋਈ ਸੀ ਜਿਸ ਵਿੱਚ ਦੁਕਾਨਦਾਰ ਵੀਰਾਂ ਨੇ ਦੱਸਿਆ ਕਿ ਕਰੀਬ ਇਕ ਦਹਾਕੇ ਤੋਂ ਪੁਰਾਣਾ ਬੱਸ ਸਟੈਂਡ ਵਿਚ ਬੱਸਾਂ ਨਾ ਆਉਣ ਕਾਰਨ ਕੰਮ ਕਾਰ ਠੱਪ ਹੋਣ ਕਾਰਨ ਦੁਕਾਨਦਾਰ ਆਪਣੀਆਂ ਦੁਕਾਨਾਂ ਘੱਟ ਰੇਟ ਤੇ ਵੇਚਣ ਲਈ ਮਜਬੂਰ ਸਨ ਅਤੇ ਦੁਕਾਨਾਂ ਵੇਚਣ ਉਪਰੰਤ ਕਿਸੇ ਹੋਰ ਦੁਕਾਨ ਤੇ ਨੌਕਰੀ ਕਰਨ ਲਈ ਮਜਬੂਰ ਸਨ । ਗੁਰਪ੍ਰੀਤ ਸਿੰਘ ਧਮੋਲੀ ਨੇ ਦੱਸਿਆ ਕਿ ਇਨਾਂ ਦੀ ਮੰਗ ਪੰਜਾਬ ਟ੍ਰੇਡ ਕਮਿਸ਼ਨ ਦੀਆਂ ਬੈਠਕਾਂ ਵਿਚ ਜੋਰਦਾਰ ਢੰਗ ਨਾਲ ਰੱਖਣ ਅਤੇ ਲਗਾਤਾਰ ਮਿਹਨਤ ਨਾਲ ਅੱਜ ਪਟਿਆਲਾ ਤੋਂ ਦਿੱਲੀ ,ਚੰਡੀਗੜ੍ਹ, ਮੁਹਾਲੀ, ਅੰਬਾਲਾ ਆਉਣ ਅਤੇ ਜਾਣ ਵਾਲੀਆਂ ਬੱਸਾਂ ਸ਼ੁਰੂ ਹੋ ਗਈਆਂ ਹਨ ਇਸ ਖੁਸ਼ੀ ਵਿਚ ਦੁਕਾਨਦਾਰ ਵੀਰਾਂ ਵਲੋਂ ਪੰਜਾਬ ਟ੍ਰੇਡ ਕਮਿਸ਼ਨ ਦੇ ਵਾਈਸ ਚੇਅਰਮੈਨ ਪਟਿਆਲਾ ਗੁਰਪ੍ਰੀਤ ਸਿੰਘ ਧਮੋਲੀ ਅਤੇ ਹਲਕਾ ਰਾਜਪੁਰਾ ਦੇ ਚੇਅਰਮੈਨ ਟਿੰਕੂ ਬਾਂਸਲ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ। ਇਹ ਬੱਸਾਂ ਰਾਜਪੁਰਾ ਟਾਊਨ ਅਤੇ ਪੁਰਾਣਾ ਬੱਸ ਸਟੈਂਡ ਰੇਲਵੇ ਸਟੇਸ਼ਨ ਰਾਹੀਂ ਚੱਲਣ ਨਾਲ ਮਹਿੰਦਰਗੰਜ ਬਾਜ਼ਾਰ ਵਿਚ ਰੌਣਕਾਂ ਲੱਗਣਗੀਆਂ ਅਤੇ ਟਾਊਨ ਵਾਸੀਆਂ ਨੂੰ ਵੱਡੀ ਸਹੂਲਤ ਮਿਲੇਗੀ । ਇਸ ਮੌਕੇ ਪੰਜਾਬ ਟ੍ਰੇਡ ਕਮਿਸ਼ਨ ਰਾਜਪੁਰਾ ਦੇ ਮੈਂਬਰ ਮੁਕੇਸ਼ ਗੁਪਤਾ, ਕੀਰਤ ਸਿੰਘ ਸੇਹਰਾ,ਡਾਕਟਰ ਅਸ਼ੋਕ, ਮਨੀਸ਼ ਸੂਦ, ਸੁਖਵਿੰਦਰ ਸਿੰਘ ਸੁੱਖੀ ਚੀਫ ਇੰਸਪੈਕਟਰ ਪੀ ਆਰ ਟੀ ਸੀ, ਇੰਸਪੈਕਟਰ ਗੁਰਤੇਜ ਸਿੰਘ, ਇੰਸਪੈਕਟਰ ਜਸਪਾਲ ਸਿੰਘ, ਬਲਜਿੰਦਰ ਸਿੰਘ ਅੱਡਾ ਇੰਚਾਰਜ ਰਾਜਪੁਰਾ, ਲੱਕੀ ਪ੍ਰਧਾਨ ,ਵਿਕਾਸ ਵਰਮਾ, ਸਚਿਨ ਬਾਂਸਲ, ਜਸਵਿੰਦਰ ਸਿੰਘ, ਰਾਜਿੰਦਰ ਕੁਮਾਰ, ਜਸਵੰਤ ਸਿੰਘ ਪ੍ਰਧਾਨ ਟੈਕਸੀ ਸਟੈਂਡ, ਮੋਹਨ ਬੈਕਰੀ, ਚੌਹਾਨ ਟੇਲਰ, ਗੁਰਿੰਦਰ ਸਿੰਘ ਹਾਜ਼ਰ ਸਨ



# ਮਾਰਾ ਹਰਿਆਣਾ



## ਖਾਦੀ ਆਜ਼ਾਦੀ ਦੇ ਅੰਦੋਲਨ ਤੋਂ ਹੀ ਕਰੋੜਾਂ ਭਾਰਤੀਆਂ ਦੇ ਸ਼੍ਰਮ, ਸਨਮਾਨ ਅਤੇ ਸਵੈ-ਮਾਣ ਦੀ ਪ੍ਰਤੀਕ : ਮੁੱਖ ਮੰਤਰੀ

# 'ਖਾਦੀ ਰੁਜ਼ਗਾਰ ਉਤਸਵ' ਦੇ ਮਾਧਿਅਮ ਰਾਹੀਂ ਸਾਕਾਰ ਹੋਇਆ 'ਵੋਕਲ ਫ਼ਾਰ ਲੋਕਲ' ਦਾ ਸੰਕਲਪ : ਨਾਇਬ ਸਿੰਘ ਸੈਣੀ

ਚੰਡੀਗੜ੍ਹ, 18 ਜੂਨ
-ਮਨੋਜ ਸ਼ਰਮਾ-

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਿਵਾਨੀ ਦੀ ਪਾਵਨ ਧਰਤੀ ਨਾਲ ਅੱਜ ਆਤਮ-ਨਿਰਭਰਤਾ, ਸਵੈ-ਮਾਣ, ਰੁਜ਼ਗਾਰ ਅਤੇ ਖੁਸ਼ਹਾਲੀ ਦਾ ਇੱਕ ਨਵਾਂ ਅਧਿਆਏ ਜੁੜ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਅੱਜ 'ਖਾਦੀ ਰੁਜ਼ਗਾਰ ਉਤਸਵ' ਦੇ ਮਾਧਿਅਮ ਰਾਹੀਂ ਯਸ਼ਸਵੀ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦਾ 'ਵੋਕਲ ਫ਼ਾਰ ਲੋਕਲ ਅਤੇ ਵਿਕਸਤ ਭਾਰਤ-2047' ਦਾ ਸੰਕਲਪ ਧਰਾਤਲ 'ਤੇ ਉਤਰਦਾ ਦਿਖਾਈ ਦੇ ਰਿਹਾ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸਿਵਾਨੀ ਵਿੱਚ ਆਯੋਜਿਤ ਖਾਦੀ ਰੁਜ਼ਗਾਰ ਉਤਸਵ ਪ੍ਰੋਗਰਾਮ ਨੂੰ ਬਤੌਰ ਮੁੱਖ ਮਹਿਮਾਨ ਸੰਬੋਧਨ ਕਰ ਰਹੇ ਸਨ। ਮੁੱਖ ਮੰਤਰੀ ਨੇ ਕਿਹਾ ਕਿ ਖਾਦੀ ਆਜ਼ਾਦੀ ਦੇ ਅੰਦੋਲਨ ਤੋਂ ਹੀ ਕਰੋੜਾਂ ਭਾਰਤੀਆਂ ਦੇ ਸ਼੍ਰਮ, ਸਨਮਾਨ ਅਤੇ ਸਵੈ-ਮਾਣ ਦੀ ਪ੍ਰਤੀਕ ਹੈ। ਖਾਦੀ ਸੁਤੰਤਰਤਾ ਸੰਗਰਾਮ ਦੌਰਾਨ ਵੀ ਸਵਦੇਸ਼ੀ ਦਾ ਪ੍ਰਤੀਕ ਸੀ। ਇਸ ਨੇ ਬਿਨਾਂ ਕਿਸੇ ਹਥਿਆਰ ਦੇ ਬ੍ਰਿਟਿਸ਼ ਹਕੂਮਤ ਦੀ ਆਰਥਿਕ ਬੁਨਿਆਦ ਨੂੰ ਹਿਲਾ ਕੇ ਰੱਖ ਦਿੱਤਾ ਸੀ। ਵਰਤਮਾਨ ਵਿੱਚ, ਮਾਨਯੋਗ ਪ੍ਰਧਾਨ ਮੰਤਰੀ ਜੀ ਨੇ ਸਾਨੂੰ 'ਖਾਦੀ ਫ਼ਾਰ ਨੇਸ਼ਨ, ਖਾਦੀ ਫ਼ਾਰ ਫੈਸ਼ਨ ਅਤੇ ਖਾਦੀ ਫ਼ਾਰ ਟ੍ਰਾਂਸਫਾਰਮੇਸ਼ਨ' ਦਾ ਮੰਤਰ ਦਿੱਤਾ ਹੈ। ਅੱਜ ਸਿਵਾਨੀ ਦਾ ਇਹ ਉਤਸਵ ਇਸੇ ਸੋਚ ਨੂੰ ਧਰਾਤਲ 'ਤੇ ਉਤਾਰਨ ਦਾ ਇੱਕ ਮਜ਼ਬੂਤ ਮਾਧਿਅਮ ਹੈ।

ਖਾਦੀ ਰੁਜ਼ਗਾਰ ਉਤਸਵ ਪ੍ਰੋਗਰਾਮ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਹਰਿਆਣਾ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਲਾਭਪਾਤਰੀਆਂ ਕੋਲ ਖ਼ੁਦ ਜਾ ਕੇ ਉਨ੍ਹਾਂ ਨਾਲ ਗੱਲਬਾਤ ਕੀਤੀ ਅਤੇ ਮਸ਼ੀਨਾਂ ਤੇ ਟੂਲਜ਼ ਵੰਡੇ।ਮੁੱਖ ਮੰਤਰੀ ਨੇ ਸੋਨੀਪਤ ਜ਼ਿਲ੍ਹੇ ਤੋਂ ਆਈ ਨੇਹਾ, ਅੰਜਲੀ, ਰਿਤੂ ਅਤੇ ਰੋਹਤਕ ਨਿਵਾਸੀ ਸੁਦੇਸ਼ ਤੇ ਪਿੰਕੀ ਨੂੰ ਫੁੱਟਵੀਅਰ ਮੈਨੂਫੈਕਚਰਿੰਗ (ਜੁੱਤੀਆਂ ਬਣਾਉਣ ਵਾਲੀਆਂ) ਮਸ਼ੀਨਾਂ ਵੰਡੀਆਂ। ਇਸੇ ਤਰ੍ਹਾਂ ਰੋਹਤਕ ਨਿਵਾਸੀ ਸਾਧਨਾ, ਗੁੰਜਨ ਸ਼ਰਮਾ, ਮੋਨਿਕਾ, ਜੋਤੀ ਤੇ ਨੀਲਮ ਨੂੰ ਸਿਲਾਈ ਮਸ਼ੀਨਾਂ ਅਤੇ ਭਿਵਾਨੀ ਜ਼ਿਲ੍ਹੇ ਦੇ ਝੁੰਪਾ ਨਿਵਾਸੀ ਰਾਜੇਸ਼ ਦੇਵੀ, ਊਸ਼ਾ ਰਾਣੀ, ਛਾਕਲੀ ਦੇਵੀ ਤੇ ਪ੍ਰਮਿਲਾ ਨੂੰ ਚਰਖੇ ਵੰਡੇ। ਸ਼ਹਿਦ ਉਤਪਾਦਨ ਦੇ ਲਈ ਫ਼ਤਿਹਆਬਾਦ ਨਿਵਾਸੀ ਕੁਲਦੀਪ



ਸਿੰਘ, ਭੀਮ ਸਿੰਘ, ਰਾਜੇਂਦਰ ਕੁਮਾਰ, ਪਵਨ ਕੁਮਾਰ, ਕੁਲਵੰਤ ਅਤੇ ਕੁਰੂਕਸ਼ੇਤਰ ਨਿਵਾਸੀ ਮੁਨੀਸ਼ ਨੂੰ ਉਪਕਰਨ ਵੰਡੇ ਗਏ।

ਪ੍ਰੋਗਰਾਮ ਵਿੱਚ ਖਾਦੀ ਗ੍ਰਾਮੋਦਯੋਗ ਕਮਿਸ਼ਨ ਦੇ ਚੇਅਰਮੈਨ ਮਨੋਜ ਗੋਇਲ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਪੱਗ ਪਹਿਨਾ ਕੇ ਅਤੇ ਖਾਦੀ ਦਾ ਬਣਿਆ ਸ਼ਾਲ ਓਢਾ ਕੇ ਸਨਮਾਨਿਤ ਕੀਤਾ। ਨਾਲ ਹੀ ਚਰਖੇ ਦਾ ਯਾਦਗਾਰੀ ਚਿੰਨ੍ਹ (ਸਮ੍ਰਿਤੀ ਚਿੰਨ੍ਹ) ਵੀ ਭੇਟ ਕੀਤਾ। ਮੁੱਖ ਮੰਤਰੀ ਨੇ ਪ੍ਰੋਗਰਾਮ ਵਿੱਚ ਆਨਲਾਈਨ ਬਟਨ ਦਬਾ ਕੇ ਮਧੂਮੱਖੀ ਪਾਲਣ ਦੇ ਲਈ 2350 ਬੀ-ਬਾਕਸ (ਮਧੂਮੱਖੀ ਦੇ ਡੱਬੇ) ਵੀ ਵੰਡੇ।

ਇਸ ਮੌਕੇ 'ਤੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਗ੍ਰਾਮੋਦਯੋਗ ਵਿਕਾਸ ਯੋਜਨਾ ਤਹਿਤ ਹਰਿਆਣਾ ਦੇ 972 ਕਾਰੀਗਰਾਂ ਨੂੰ 3 ਹਜ਼ਾਰ 645 ਮਸ਼ੀਨਾਂ ਅਤੇ ਟੂਲਕਿੱਟਾਂ ਪ੍ਰਦਾਨ ਕੀਤੀਆਂ ਗਈਆਂ ਹਨ। ਇਨ੍ਹਾਂ ਵਿੱਚ ਬਿਜਲੀ ਨਾਲ ਚੱਲਣ ਵਾਲੇ ਚਾਕ, ਬੀ-ਬਾਕਸ ਅਤੇ ਬੀ-ਕਲੋਨੀ, ਸਿਲਾਈ ਮਸ਼ੀਨਾਂ, ਟਰਨਵੁੱਡ ਟੂਲਕਿੱਟ, ਫੁੱਟਵੀਅਰ ਨਿਰਮਾਣ ਮਸ਼ੀਨਾਂ, ਚਰਖੇ ਅਤੇ ਦੋਨਾ-ਪੱਤਲ ਨਿਰਮਾਣ ਮਸ਼ੀਨਾਂ ਸ਼ਾਮਲ ਹਨ। ਇਹ ਮਸ਼ੀਨਾਂ ਹਜ਼ਾਰਾਂ ਪਰਿਵਾਰਾਂ ਦੇ ਸੁਪਨਿਆਂ ਨੂੰ ਗਤੀ ਦੇਣ ਵਾਲੇ ਸਾਧਨ ਹਨ। ਇਹ ਮਸ਼ੀਨਾਂ ਪਿੰਡਾਂ ਵਿੱਚ ਨਵੀਂ ਆਰਥਿਕ ਕ੍ਰਾਂਤੀ ਦਾ ਆਧਾਰ ਬਣਨਗੀਆਂ।

ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਰੁਜ਼ਗਾਰ ਸਿਰਜਣ ਪ੍ਰੋਗਰਾਮ ਤਹਿਤ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਸੂਖਮ ਉਦਯੋਗ ਸਥਾਪਤ ਕਰਨ ਵਾਲੇ ਨੌਜਵਾਨਾਂ ਅਤੇ ਰਵਾਇਤੀ ਕਾਰੀਗਰਾਂ ਨੂੰ 504 ਕਰੋੜ 68 ਲੱਖ ਰੁਪਏ ਦੀ ਮਾਰਜਿਨ ਮਨੀ ਸਬਸਿਡੀ ਵੀ ਦਿੱਤੀ ਗਈ ਹੈ। ਇਹ ਰਕਮ ਹਜ਼ਾਰਾਂ ਨਵੇਂ ਉਦਯੋਗਾਂ, ਨਵੇਂ ਕਾਰਖਾਨਿਆਂ ਅਤੇ ਨਵੇਂ ਰੁਜ਼ਗਾਰਾਂ ਦੇ ਦੁਆਰ ਖੋਲ੍ਹੇਗੀ। ਇਹ ਰਾਸ਼ੀ ਨੌਜਵਾਨਾਂ ਦੇ ਸੁਪਨਿਆਂ 'ਤੇ ਸਰਕਾਰ ਦੇ ਵਿਸ਼ਵਾਸ ਦਾ ਪ੍ਰਤੀਕ ਹੈ। ਉਨ੍ਹਾਂ ਨੇ ਕਿਹਾ ਕਿ ਇਹ ਉਨ੍ਹਾਂ ਹੱਥਾਂ ਨੂੰ ਸ਼ਕਤੀ ਦੇਣ ਦਾ ਯਤਨ ਹੈ, ਜੋ ਮਿਹਨਤ ਕਰਨਾ ਚਾਹੁੰਦੇ ਹਨ, ਅੱਗੇ ਵਧਣਾ ਚਾਹੁੰਦੇ ਹਨ ਅਤੇ ਆਪਣੇ ਪਰਿਵਾਰ ਦੇ ਨਾਲ-ਨਾਲ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣਾ ਚਾਹੁੰਦੇ ਹਨ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਭਾਰਤ ਮਾਤਾ ਦੇ ਮਹਾਨ ਸਪੂਤ ਵੀਰ ਸ਼ਿਰੋਮਣੀ ਮਹਾਰਾਣਾ ਪ੍ਰਤਾਪ ਜੀ ਦੀ ਜਯੰਤੀ ਵੀ ਹੈ। ਮੈਂ ਆਪ ਸਭ ਨੂੰ ਉਨ੍ਹਾਂ ਦੀ ਜਯੰਤੀ ਦੀਆਂ ਹਾਰਦਿਕ ਵਧਾਈਆਂ ਦਿੰਦਾ ਹਾਂ। ਦੇਸ਼ ਵਿੱਚ ਪਿਛਲੇ 12 ਸਾਲਾਂ ਵਿੱਚ ਖਾਦੀ ਅਤੇ ਗ੍ਰਾਮੋਦਯੋਗ ਦੇ ਖੇਤਰ ਵਿੱਚ ਜੋ ਬੇਮਿਸਾਲ ਬਦਲਾਅ ਆਇਆ ਹੈ, ਉਹ ਆਪਣੇ ਆਪ ਵਿੱਚ ਇੱਕ ਮਿਸਾਲ ਹੈ। ਸਾਲ 2013-14 ਵਿੱਚ ਖਾਦੀ ਅਤੇ ਗ੍ਰਾਮੋਦਯੋਗ ਦਾ ਕੁੱਲ ਕਾਰੋਬਾਰ ਲਗਭਗ 31 ਹਜ਼ਾਰ ਕਰੋੜ ਰੁਪਏ ਸੀ, ਜੋ ਅੱਜ ਵਧ ਕੇ 1 ਲੱਖ 87 ਹਜ਼ਾਰ ਕਰੋੜ ਰੁਪਏ ਹੋ ਗਿਆ ਹੈ।

ਉਤਪਾਦਨ 5 ਗੁਣਾ ਵਧ ਕੇ 1 ਲੱਖ 25 ਹਜ਼ਾਰ ਕਰੋੜ ਰੁਪਏ ਤੋਂ ਵੱਧ ਹੋ ਚੁੱਕਾ ਹੈ। ਇਸ ਨਾਲ ਕਰੋੜਾਂ ਪਰਿਵਾਰਾਂ ਦੀ ਆਮਦਨ ਵਿੱਚ ਵਾਧਾ ਹੋਇਆ ਹੈ ਅਤੇ ਪਿੰਡਾਂ ਦੀ ਆਰਥਿਕਤਾ ਨੂੰ ਮਜ਼ਬੂਤੀ ਮਿਲੀ ਹੈ।ਪਿਛਲੇ 12 ਸਾਲਾਂ ਵਿੱਚ ਦੇਸ਼ ਭਰ ਵਿੱਚ ਖਾਦੀ ਅਤੇ ਗ੍ਰਾਮੋਦਯੋਗ ਦੇ ਮਾਧਿਅਮ ਰਾਹੀਂ ਲਗਭਗ 2 ਕਰੋੜ ਰੁਪਏ ਰੁਜ਼ਗਾਰ ਪੈਦਾ ਹੋਏ ਹਨ। ਖਾਦੀ ਕਾਰੀਗਰਾਂ ਦੇ ਮਿਹਨਤਾਨੇ ਵਿੱਚ ਚਾਰ ਗੁਣਾ ਵਾਧਾ ਹੋਇਆ ਹੈ। ਸਾਡੇ ਲਈ ਮਾਣ ਦੀ ਗੱਲ ਹੈ ਕਿ ਖਾਦੀ ਖੇਤਰ ਨਾਲ ਜੁੜੇ 80 ਫ਼ੀਸਦੀ ਕਾਰੀਗਰ ਸਾਡੀਆਂ ਮਾਤਾਵਾਂ-ਭੈਣਾਂ ਹਨ। ਇਹ ਪਰਿਵਰਤਨ ਮਹਿਲਾ ਸਸ਼ਕਤੀਕਰਨ ਦੀ ਇੱਕ ਨਵੀਂ ਕ੍ਰਾਂਤੀ ਹੈ। ਜਦੋਂ ਇੱਕ ਔਰਤ ਆਤਮ-ਨਿਰਭਰ ਹੁੰਦੀ ਹੈ, ਤਾਂ ਪੂਰਾ ਪਰਿਵਾਰ, ਸਮਾਜ ਅਤੇ ਰਾਸ਼ਟਰ ਪ੍ਰਗਤੀ ਦੇ ਰਾਹ 'ਤੇ ਅੱਗੇ ਵਧਦਾ ਹੈ। ਸਾਡੀ ਸਰਕਾਰ ਮਹਿਲਾ ਸਵੈ-ਸਹਾਇਤਾ ਸਮੂਹਾਂ ਨੂੰ ਉਤਸ਼ਾਹਿਤ ਕਰ ਰਹੀ ਹੈ। ਇਨ੍ਹਾਂ ਸਮੂਹਾਂ ਵੱਲੋਂ ਬਣਾਏ ਗਏ ਬਿਹਤਰੀਨ ਉਤਪਾਦਾਂ ਨੂੰ ਸਥਾਨਕ ਬਾਜ਼ਾਰਾਂ ਦੇ ਨਾਲ-ਨਾਲ ਈ-ਕਾਮਰਸ ਪਲੇਟਫਾਰਮਾਂ ਰਾਹੀਂ ਦੇਸ਼-ਵਿਦੇਸ਼ ਵਿੱਚ ਪਹੁੰਚਾਉਣ ਲਈ ਅਸੀਂ ਪੂਰੀ ਵਿਵਸਥਾ ਕਰ ਰਹੇ ਹਾਂ। ਹਰਿਆਣਾ ਹਮੇਸ਼ਾ ਮਿਹਨਤ, ਉੱਦਮਤਾ ਅਤੇ ਆਤਮ-ਸਨਮਾਨ ਦੀ ਧਰਤੀ ਰਿਹਾ ਹੈ। ਇੱਥੋਂ ਦੇ ਕਿਸਾਨ ਖੇਤਾਂ ਵਿੱਚ ਸੋਨਾ ਉਗਾਉਂਦੇ ਹਨ, ਇੱਥੋਂ ਦੇ ਜਵਾਨ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕਰਦੇ ਹਨ ਅਤੇ ਇੱਥੋਂ ਦੇ ਕਾਰੀਗਰ ਆਪਣੀ ਪ੍ਰਤਿਭਾ ਨਾਲ ਸਮਾਜ ਨੂੰ ਨਵੀਂ ਦਿਸ਼ਾ ਦਿੰਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਵਿੱਚ ਖਾਦੀ ਅਤੇ ਗ੍ਰਾਮੋਦਯੋਗ ਦੀਆਂ 96 ਸਰਗਰਮ ਸੰਸਥਾਵਾਂ ਦੇ ਮਾਧਿਅਮ ਰਾਹੀਂ ਲਗਭਗ 58 ਹਜ਼ਾਰ 796 ਕਾਰੀਗਰਾਂ ਨੂੰ ਰੁਜ਼ਗਾਰ ਮਿਲ ਰਿਹਾ ਹੈ। ਇਸੇ ਤਰ੍ਹਾਂ, ਸੂਬੇ ਵਿੱਚ ਗ੍ਰਾਮੋਦਯੋਗ ਵਿਕਾਸ ਯੋਜਨਾ ਤਹਿਤ 1 ਲੱਖ 27 ਹਜ਼ਾਰ ਤੋਂ ਵੱਧ ਲੋਕਾਂ ਨੂੰ ਰੁਜ਼ਗਾਰ ਮਿਲਿਆ ਹੋਇਆ ਹੈ। ਹੁਣ ਤੱਕ ਇਸ ਯੋਜਨਾ ਵਿੱਚ 5 ਹਜ਼ਾਰ 533 ਮਸ਼ੀਨਾਂ ਅਤੇ ਟੂਲਕਿੱਟਾਂ ਦਿੱਤੀਆਂ ਜਾ ਚੁੱਕੀਆਂ ਹਨ। ਇਹ ਦਰਸਾਉਂਦਾ ਹੈ ਕਿ ਹਰਿਆਣਾ ਆਤਮ-ਨਿਰਭਰ ਪੇਂਡੂ ਆਰਥਿਕਤਾ ਦੀ ਦਿਸ਼ਾ ਵਿੱਚ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਰੁਜ਼ਗਾਰ ਸਿਰਜਣ ਪ੍ਰੋਗਰਾਮ ਤਹਿਤ ਪਿਛਲੇ 12 ਸਾਲਾਂ ਵਿੱਚ ਹਰਿਆਣਾ ਵਿੱਚ 18 ਹਜ਼ਾਰ 683 ਨਵੀਆਂ ਇਕਾਈਆਂ (ਯੂਨਿਟਾਂ) ਦੀ ਸਥਾਪਨਾ ਹੋਈ ਹੈ। ਇਸ ਦੇ ਲਈ ਲਗਭਗ 638 ਕਰੋੜ ਰੁਪਏ ਦੀ ਮਾਰਜਿਨ ਮਨੀ ਸਬਸਿਡੀ ਪ੍ਰਦਾਨ ਕੀਤੀ ਗਈ, ਜਿਸ ਨਾਲ 1 ਲੱਖ 50 ਹਜ਼ਾਰ ਤੋਂ ਵੱਧ ਨਵੇਂ ਰੁਜ਼ਗਾਰ ਪੈਦਾ ਹੋਏ ਹਨ। ਇਹ ਪ੍ਰਾਪਤੀ ਹਰਿਆਣਾ ਦੇ ਮਿਹਨਤੀ ਨੌਜਵਾਨਾਂ ਅਤੇ ਉੱਦਮੀਆਂ ਦੀ ਸਫ਼ਲਤਾ ਦੀ ਕਹਾਣੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਚਾਲੂ ਵਿੱਤੀ ਸਾਲ ਵਿੱਚ ਹੈਂਡਲੂਮ ਉਦਯੋਗ ਨੂੰ ਉਤਸ਼ਾਹਿਤ ਕਰਨ ਲਈ ਪਾਣੀਪਤ ਵਿੱਚ 10 ਏਕੜ ਜ਼ਮੀਨ 'ਤੇ ਰਾਸ਼ਟਰੀ ਪੱਧਰ ਦਾ 'ਟ੍ਰੇਨਿੰਗ ਹੈਂਡਲੂਮ ਇੰਸਟੀਚਿਊਟ' ਖੋਲ੍ਹਿਆ ਜਾਵੇਗਾ ਅਤੇ ਸਵੈ-ਸਹਾਇਤਾ ਸਮੂਹਾਂ ਦੇ ਉਤਪਾਦਾਂ ਦੀ ਮਾਰਕੀਟਿੰਗ ਲਈ ਹਰੇਕ ਬਲਾਕ ਵਿੱਚ ਇੱਕ ਆਧੁਨਿਕ 'ਗ੍ਰਾਮ ਹਾਟ' ਦੀ ਵੀ ਸਥਾਪਨਾ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ 'ਦੀਨਦਿਆਲ ਉਪਾਧਿਆਏ ਗ੍ਰਾਮੀਣ ਕੌਸ਼ਲ ਯੋਜਨਾ' ਤਹਿਤ 20 ਹਜ਼ਾਰ ਤੋਂ ਵੱਧ ਪੇਂਡੂ ਨੌਜਵਾਨਾਂ ਨੂੰ ਸਕਿੱਲ ਟ੍ਰੇਨਿੰਗ ਪ੍ਰਦਾਨ ਕਰਕੇ ਉਨ੍ਹਾਂ ਨੂੰ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਅਵਸਰਾਂ ਨਾਲ ਜੋੜਿਆ ਜਾਵੇਗਾ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅਸੀਂ ਅਜਿਹੇ ਸਮੇਂ ਵਿੱਚ ਖੜ੍ਹੇ ਹਾਂ, ਜਦੋਂ ਮਾਨਯੋਗ ਪ੍ਰਧਾਨ ਮੰਤਰੀ ਜੀ ਦੀ ਅਗਵਾਈ ਵਿੱਚ ਦੁਨੀਆ ਭਾਰਤ ਨੂੰ ਨਵੀਂ ਉਮੀਦ ਅਤੇ ਨਵੇਂ ਵਿਸ਼ਵਾਸ ਨਾਲ ਦੇਖ ਰਹੀ ਹੈ। ਵਰਤਮਾਨ ਵਿੱਚ ਭਾਰਤ ਵਿਸ਼ਵ ਦੀ ਸਭ ਤੋਂ ਤੇਜ਼ੀ ਨਾਲ ਵਧ ਰਹੀ ਆਰਥਿਕਤਾ ਹੈ। ਪ੍ਰਧਾਨ ਮੰਤਰੀ ਦੀ ਅਗਵਾਈ ਵਿੱਚ ਦੇਸ਼ ਨੇ ਆਤਮ-ਨਿਰਭਰਤਾ, ਨਵੀਨਤਾ ਅਤੇ ਉੱਦਮਤਾ ਨੂੰ ਵਿਕਾਸ ਦਾ ਆਧਾਰ ਬਣਾਇਆ ਹੈ। ਪਿੰਡਾਂ ਦੇ ਵਿਕਾਸ ਤੋਂ ਬਿਨਾਂ ਵਿਕਸਤ ਭਾਰਤ ਦਾ ਸੁਪਨਾ ਪੂਰਾ ਨਹੀਂ ਹੋ ਸਕਦਾ। ਇਸੇ ਲਈ ਭਾਜਪਾ ਦੀ ਡਬਲ ਇੰਜਣ ਸਰਕਾਰ ਪਿੰਡ, ਗਰੀਬ, ਕਿਸਾਨ, ਨੌਜਵਾਨ ਅਤੇ ਔਰਤਾਂ ਦੇ ਵਿਕਾਸ ਲਈ ਨਿਰੰਤਰ ਕੰਮ ਕਰ ਰਹੀ ਹੈ। ਸਰਕਾਰ ਦਾ ਸੰਕਲਪ ਹੈ ਕਿ ਪਿੰਡਾਂ ਵਿੱਚ ਹੀ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣ ਤਾਂ ਜੋ, ਨੌਜਵਾਨ ਰੁਜ਼ਗਾਰ ਦੀ ਭਾਲ ਵਿੱਚ ਆਪਣਾ ਪਿੰਡ ਛੱਡਣ ਲਈ ਮਜਬੂਰ ਨਾ ਹੋਣ। ਸਾਡਾ ਟੀਚਾ ਹੈ ਕਿ ਹਰ ਪਿੰਡ ਵਿੱਚ ਹੁਨਰ, ਸਵੈ-ਰੁਜ਼ਗਾਰ ਅਤੇ ਛੋਟੇ ਉਦਯੋਗਾਂ ਦਾ ਨੈੱਟਵਰਕ ਵਿਕਸਤ ਹੋਵੇ। ਮੁੱਖ ਮੰਤਰੀ ਨੇ ਕਿਹਾ ਕਿ ਖਾਦੀ ਰੁਜ਼ਗਾਰ ਉਤਸਵ ਪ੍ਰੋਗਰਾਮ ਦੇ ਮਾਧਿਅਮ ਰਾਹੀਂ ਅੱਜ ਜਦੋਂ ਇੱਕ ਨੌਜਵਾਨ ਮਧੂਮੱਖੀ ਪਾਲਣ ਦੇ ਲਈ ਬੀ-ਬਾਕਸ ਪ੍ਰਾਪਤ ਕਰੇਗਾ, ਜਦੋਂ ਕੋਈ ਭੈਣ ਸਿਲਾਈ ਮਸ਼ੀਨ ਨਾਲ ਆਪਣਾ ਉੱਦਮ ਸ਼ੁਰੂ ਕਰੇਗੀ, ਜਦੋਂ ਕੋਈ ਕਾਰੀਗਰ ਆਧੁਨਿਕ ਟੂਲਕਿੱਟ ਨਾਲ ਆਪਣੀ ਉਤਪਾਦਕਤਾ ਵਧਾਏਗਾ, ਉਦੋਂ ਸਿਰਫ਼ ਇੱਕ ਵਿਅਕਤੀ ਅੱਗੇ ਨਹੀਂ ਵਧੇਗਾ, ਸਗੋਂ ਪੂਰਾ ਪਰਿਵਾਰ ਅੱਗੇ ਵਧੇਗਾ, ਪੂਰਾ ਪਿੰਡ ਅੱਗੇ ਵਧੇਗਾ ਅਤੇ ਪੂਰਾ ਹਰਿਆਣਾ ਅੱਗੇ ਵਧੇਗਾ।

ਉਨ੍ਹਾਂ ਨੇ ਕਿਹਾ ਕਿ ਖਾਦੀ ਅਤੇ ਗ੍ਰਾਮੋਦਯੋਗ ਵਿੱਚ ਅੱਜ ਅਪਾਰ ਸੰਭਾਵਨਾਵਾਂ ਛਿਪੀਆਂ ਹੋਈਆਂ ਹਨ। ਅੱਜ ਦੀ ਨਵੀਂ ਪੀੜ੍ਹੀ ਵਾਤਾਵਰਣ ਪ੍ਰਤੀ ਜਾਗਰੂਕ ਹੈ। ਖਾਦੀ ਤੋਂ ਬਿਹਤਰ ਅਤੇ ਵਾਤਾਵਰਣ ਦੇ ਅਨੁਕੂਲ (ਈਕੋ-ਫ੍ਰੈਂਡਲੀ) ਦੂਜਾ ਕੋਈ ਬਦਲ ਨਹੀਂ ਹੋ ਸਕਦਾ।

# ਹਰਿਆਣਾ ਵਿੱਚ ਖੇਤਰੀ ਹਵਾਈ ਸੰਪਰਕ ਨੂੰ ਮਿਲੇਗੀ ਨਵੀਂ ਉਡਾਣ : ਮੁੱਖ ਮੰਤਰੀ

## ਸੈਣੀ ਨੇ ਭਿਵਾਨੀ ਵਿੱਚ ਚੌਧਰੀ ਬੰਸੀ ਲਾਲ ਸਿਵਲ ਐਰੋਡ੍ਰੋਮ 'ਤੇ 31 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਆਧੁਨਿਕ ਹਵਾਬਾਜ਼ੀ ਸਹੂਲਤਾਂ ਦਾ ਕੀਤਾ ਉਦਘਾਟਨ



ਚੰਡੀਗੜ੍ਹ, 18 ਜੂਨ
-ਸ਼.ਅ.ਬਿਓਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਬੁੱਧਵਾਰ ਨੂੰ ਭਿਵਾਨੀ ਸਥਿਤ ਚੌਧਰੀ ਬੰਸੀ ਲਾਲ ਸਿਵਲ ਐਰੋਡ੍ਰੋਮ 'ਤੇ ਲਗਭਗ 31 ਕਰੋੜ ਰੁਪਏ ਦੀ ਲਾਗਤ ਨਾਲ ਨਿਰਮਿਤ ਅਤਿ-ਆਧੁਨਿਕ ਹੈਂਗਰ, ਏਅਰ ਟ੍ਰੈਫਿਕ ਕੰਟਰੋਲ ਭਵਨ, ਸੁਰੱਖਿਆ ਚੌਕੀ ਅਤੇ ਕੈਂਟੀਨ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਸੰਸਦ ਮੈਂਬਰ ਸ੍ਰੀ ਧਰਮਬੀਰ ਸਿੰਘ, ਭਿਵਾਨੀ ਦੇ ਵਿਧਾਇਕ ਸ੍ਰੀ ਘਨਸ਼ਿਆਮ ਸਰਰਾਫ, ਬਵਾਨੀ ਖੇੜਾ ਦੇ ਵਿਧਾਇਕ ਸ੍ਰੀ ਕਪੂਰ ਸਿੰਘ ਵਾਲਮੀਕਿ ਸਮੇਤ ਕਈ ਮਾਣਯੋਗ ਵਿਅਕਤੀ ਮੌਜੂਦ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਵੀਰਾਂ, ਖਿਡਾਰੀਆਂ ਅਤੇ ਸੰਤਾਂ ਦੀ ਧਰਤੀ ਅਤੇ 'ਛੋਟੀ ਕਾਸ਼ੀ' ਵਜੋਂ ਮਸ਼ਹੂਰ ਭਿਵਾਨੀ ਅੱਜ ਵਿਕਾਸ ਦੇ ਇੱਕ ਨਵੇਂ ਅਧਿਆਏ ਦੀ ਗਵਾਹ ਬਣੀ ਹੈ। ਉਨ੍ਹਾਂ ਨੇ ਕਿਹਾ ਕਿ ਇਹ ਪ੍ਰੋਜੈਕਟ ਸਿਰਫ਼ ਇਮਾਰਤਾਂ ਦਾ ਉਦਘਾਟਨ ਨਹੀਂ ਹੈ, ਸਗੋਂ ਹਰਿਆਣਾ ਵਿੱਚ ਆਧੁਨਿਕ ਹਵਾਬਾਜ਼ੀ ਬੁਨਿਆਦੀ ਢਾਂਚੇ ਦੇ ਵਿਸਤਾਰ ਅਤੇ ਖੇਤਰੀ ਹਵਾਈ ਸੰਪਰਕ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ।

ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਸਿਵਲ ਐਵੀਏਸ਼ਨ ਦੇ ਖੇਤਰ ਨੇ ਬੇਮਿਸਾਲ ਤਰੱਕੀ ਕੀਤੀ ਹੈ। 'ਉਡਾਣ' ਯੋਜਨਾ ਨੇ ਛੋਟੇ ਸ਼ਹਿਰਾਂ ਨੂੰ ਹਵਾਈ ਸੇਵਾਵਾਂ ਨਾਲ ਜੋੜ ਕੇ ਆਮ ਨਾਗਰਿਕਾਂ ਲਈ ਹਵਾਈ ਯਾਤਰਾ ਨੂੰ ਸੁਲਭ ਬਣਾਇਆ ਹੈ। ਹਰਿਆਣਾ ਸਰਕਾਰ ਵੀ ਇਸੇ ਸੋਚ ਅਨੁਸਾਰ ਸੂਬੇ ਵਿੱਚ ਹਵਾਈ ਸੰਪਰਕ ਨੂੰ ਉਤਸ਼ਾਹਿਤ ਕਰਨ ਲਈ ਨਿਰੰਤਰ ਕੰਮ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦਾ ਟੀਚਾ ਹਰਿਆਣਾ ਨੂੰ ਉੱਤਰੀ ਭਾਰਤ ਦੇ ਪ੍ਰਮੁੱਖ ਐਵੀਏਸ਼ਨ ਹੱਬ ਵਜੋਂ ਵਿਕਸਤ ਕਰਨਾ ਹੈ। ਇਸੇ ਲੜੀ ਤਹਿਤ ਹਿਸਾਰ ਏਅਰਪੋਰਟ ਦਾ ਤੇਜ਼ੀ ਨਾਲ ਵਿਕਾਸ ਕੀਤਾ ਜਾ ਰਿਹਾ ਹੈ ਅਤੇ ਉੱਥੋਂ ਦਿੱਲੀ, ਅਯੁੱਧਿਆ, ਚੰਡੀਗੜ੍ਹ ਅਤੇ ਜੈਪੁਰ ਲਈ ਉਡਾਣ ਸੇਵਾਵਾਂ ਸ਼ੁਰੂ ਕੀਤੀਆਂ ਜਾ ਚੁੱਕੀਆਂ ਹਨ। ਜਲਦੀ ਹੀ ਹਿਸਾਰ ਤੋਂ ਜੰਮੂ ਅਤੇ ਅਹਿਮਦਾਬਾਦ ਲਈ ਵੀ ਉਡਾਣਾਂ ਸ਼ੁਰੂ ਕੀਤੀਆਂ ਜਾਣਗੀਆਂ, ਜਿਸ ਨਾਲ ਯਾਤਰੀਆਂ ਨੂੰ ਬਿਹਤਰ ਸਹੂਲਤ ਮਿਲੇਗੀ ਅਤੇ ਵਪਾਰ ਤੇ ਸੈਰ-ਸਪਾਟੇ ਨੂੰ ਹੁਲਾਰਾ ਮਿਲੇਗਾ। ਮੁੱਖ ਮੰਤਰੀ ਨੇ ਕਿਹਾ ਕਿ ਭਿਵਾਨੀ ਵਿੱਚ ਚੌਧਰੀ ਬੰਸੀ ਲਾਲ ਸਿਵਲ ਐਰੋਡ੍ਰੋਮ 'ਤੇ ਵਿਕਸਤ ਕੀਤੀਆਂ ਗਈਆਂ ਨਵੀਆਂ ਸਹੂਲਤਾਂ ਜਹਾਜ਼ਾਂ ਦੇ ਸੁਰੱਖਿਅਤ ਸੰਚਾਲਨ, ਸਿਖਲਾਈ ਗਤੀਵਿਧੀਆਂ ਅਤੇ ਹਵਾਬਾਜ਼ੀ ਸੇਵਾਵਾਂ ਦੇ ਵਿਸਤਾਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੀਆਂ। ਇਸ ਨਾਲ ਨੌਜਵਾਨਾਂ ਲਈ ਐਵੀਏਸ਼ਨ ਸੈਕਟਰ ਵਿੱਚ ਰੁਜ਼ਗਾਰ ਅਤੇ ਸਿਖਲਾਈ ਦੇ ਨਵੇਂ ਮੌਕੇ ਵੀ ਉਪਲਬਧ ਹੋਣਗੇ।

ਉਨ੍ਹਾਂ ਨੇ ਕਿਹਾ ਕਿ ਹਰਿਆਣਾ ਸਰਕਾਰ ਸੂਬੇ ਵਿੱਚ ਨਿਵੇਸ਼ ਆਕਰਸ਼ਿਤ ਕਰਨ, ਉਦਯੋਗਾਂ ਨੂੰ ਉਤਸ਼ਾਹਿਤ ਕਰਨ ਅਤੇ ਆਧੁਨਿਕ ਬੁਨਿਆਦੀ ਢਾਂਚੇ ਦੇ ਨਿਰਮਾਣ 'ਤੇ ਵਿਸ਼ੇਸ਼ ਧਿਆਨ ਦੇ ਰਹੀ ਹੈ। ਮਜ਼ਬੂਤ ਹਵਾਈ ਸੰਪਰਕ ਕਿਸੇ ਵੀ ਖੇਤਰ ਦੇ ਆਰਥਿਕ ਵਿਕਾਸ ਦਾ ਆਧਾਰ ਹੁੰਦਾ ਹੈ ਅਤੇ ਭਿਵਾਨੀ ਹਵਾਈ ਅੱਡੇ ਦਾ ਸੁਦ੍ਰਿੜ੍ਹੀਕਰਨ ਪੱਛਮੀ ਹਰਿਆਣਾ ਦੇ ਵਿਕਾਸ ਨੂੰ ਨਵੀਂ ਗਤੀ ਪ੍ਰਦਾਨ ਕਰੇਗਾ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਜ ਸਰਕਾਰ ਨਾਗਰਿਕ ਉੱਡਣ, ਸੜਕ, ਰੇਲ ਅਤੇ ਡਿਜੀਟਲ ਕਨੈਕਟੀਵਿਟੀ ਨੂੰ ਏਕੀਕ੍ਰਿਤ ਰੂਪ ਵਿੱਚ ਵਿਕਸਤ ਕਰ ਰਹੀ ਹੈ ਤਾਂ ਜੋ ਹਰਿਆਣਾ ਦੇਸ਼ ਦੇ ਸਭ ਤੋਂ ਤੇਜ਼ ਗਤੀ ਨਾਲ ਵਿਕਸਤ ਹੋਣ ਵਾਲੇ ਰਾਜਾਂ ਵਿੱਚ ਆਪਣੀ ਮੋਹਰੀ ਭੂਮਿਕਾ ਬਣਾਈ ਰੱਖੇ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਭਿਵਾਨੀ ਦੇ ਸਿਵਲ ਐਰੋਡ੍ਰੋਮ ਦੀਆਂ ਇਹ ਨਵੀਆਂ ਸਹੂਲਤਾਂ ਖੇਤਰੀ ਵਿਕਾਸ, ਨਿਵੇਸ਼, ਸੈਰ-ਸਪਾਟਾ ਅਤੇ ਰੁਜ਼ਗਾਰ ਸਿਰਜਣ ਵਿੱਚ ਮੀਲ ਦਾ ਪੱਥਰ ਸਾਬਤ ਹੋਣਗੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਵਿੱਚ ਪਾਇਲਟਾਂ ਅਤੇ ਡਾਕਟਰਾਂ ਦੀ ਕਮੀ ਹੈ ਜਿਸ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਕੰਮ ਕੀਤਾ ਜਾ ਰਿਹਾ ਹੈ। ਸਰਕਾਰ ਵੱਲੋਂ ਹਰਿਆਣਾ ਦੇ 17 ਜ਼ਿਲ੍ਹਿਆਂ ਵਿੱਚ ਮੈਡੀਕਲ ਕਾਲਜ ਖੋਲ੍ਹੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਸੂਬੇ ਵਿੱਚ ਚੋਣਾਂ ਤੋਂ ਪਹਿਲਾਂ ਅਸੀਂ 217 ਸੰਕਲਪ ਲਏ ਸਨ, ਜਿਨ੍ਹਾਂ ਵਿੱਚੋਂ 63 ਸੰਕਲਪ ਡੇਢ ਸਾਲ ਦੇ ਕਾਰਜਕਾਲ ਵਿੱਚ ਪੂਰੇ ਕੀਤੇ ਜਾ ਚੁੱਕੇ ਹਨ। ਹਰਿਆਣਾ ਵਿੱਚ ਕਿਸਾਨਾਂ ਦੀਆਂ ਸਾਰੀਆਂ ਫ਼ਸਲਾਂ ਘੱਟੋ-ਘੱਟ ਸਮਰਥਨ ਮੁੱਲ 'ਤੇ ਖਰੀਦੀਆਂ ਜਾ ਰਹੀਆਂ ਹਨ। ਇਸੇ ਤਰ੍ਹਾਂ ਹਰਿਆਣਾ ਵਿੱਚ ਕਿਡਨੀ ਦੇ ਮਰੀਜ਼ਾਂ ਲਈ ਡਾਇਲਸਿਸ ਦੀ ਸਹੂਲਤ ਮੁਫ਼ਤ ਉਪਲਬਧ ਕਰਵਾਈ ਜਾ ਰਹੀ ਹੈ। ਇਸ ਤਹਿਤ 2 ਲੱਖ ਮਰੀਜ਼ਾਂ ਨੂੰ ਲਾਭ ਹੋਇਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ 1.80 ਲੱਖ ਰੁਪਏ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੀਆਂ ਔਰਤਾਂ ਨੂੰ 500 ਰੁਪਏ ਵਿੱਚ ਗੈਸ ਸਿਲੰਡਰ ਉਪਲਬਧ ਕਰਵਾਏ ਜਾ ਰਹੇ ਹਨ। ਇਸ ਤਹਿਤ ਹੁਣ ਤੱਕ 15 ਲੱਖ ਘਰਾਂ ਨੂੰ ਸਿਲੰਡਰ ਉਪਲਬਧ ਕਰਵਾਏ ਗਏ ਹਨ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਜ਼ਿਲ੍ਹਾ ਵਾਸੀਆਂ ਨੂੰ ਦਿੱਤੀ 75.37 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦੀ ਸੌਗਾਤ

ਚੰਡੀਗੜ੍ਹ, 18 ਜੂਨ
-ਸੰਜੀਵ ਸ਼ਰਮਾ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਬੁੱਧਵਾਰ ਨੂੰ ਮਹਾਰਾਣਾ ਪ੍ਰਤਾਪ ਜਯੰਤੀ ਦੇ ਸ਼ੁਭ ਅਵਸਰ 'ਤੇ ਝੱਜਰ ਜ਼ਿਲ੍ਹੇ ਦੇ ਪਿੰਡ ਮੁਨੀਮਪੁਰ ਪਹੁੰਚ ਕੇ ਬਾਦਲੀ ਵਿਧਾਨ ਸਭਾ ਖੇਤਰ ਨਾਲ ਸਬੰਧਤ ਵੱਖ-ਵੱਖ ਵਿਕਾਸ ਯੋਜਨਾਵਾਂ ਦਾ ਉਦਘਾਟਨ ਕੀਤਾ। ਮੁੱਖ ਮੰਤਰੀ ਨੇ ਕੁੱਲ 75.37 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਯੋਜਨਾਵਾਂ ਦਾ ਲੋਕ ਅਰਪਣ ਕਰਕੇ ਖੇਤਰ ਵਾਸੀਆਂ ਨੂੰ ਵਿਕਾਸ ਦੀ ਸੌਗਾਤ ਦਿੱਤੀ। ਵਿਕਾਸ ਪ੍ਰੋਜੈਕਟਾਂ ਦੇ ਸ਼ੁਰੂਆਤੀ ਅਵਸਰ 'ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ, ਭਾਜਪਾ ਦੇ ਰਾਸ਼ਟਰੀ ਸਕੱਤਰ ਓਮ ਪ੍ਰਕਾਸ਼ ਧਨਖੜ, ਇਜ਼ਰਾਈਲ ਦੇ ਰਾਜਦੂਤ ਰੂਵੇਨ ਅਜ਼ਾਰ ਸਮੇਤ ਹੋਰ ਮਾਣਯੋਗ ਵਿਅਕਤੀ ਮੌਜੂਦ ਸਨ।

ਮੁੱਖ ਮੰਤਰੀ ਨੇ ਪ੍ਰੋਗਰਾਮ ਦੌਰਾਨ ਪਿੰਡ ਮੁਨੀਮਪੁਰ ਵਿੱਚ ਬਾਗ਼ਬਾਨੀ ਵਿਭਾਗ ਵੱਲੋਂ ਸਥਾਪਤ 'ਸੈਂਟਰ ਆਫ਼ ਐਕਸੀਲੈਂਸ ਫ਼ਾਰ ਫਲੋਰਿਕਲਚਰ ਐਂਡ ਸੀਡ ਪ੍ਰੋਡਕਸ਼ਨ ਟੈਕਨਾਲੋਜੀ' ਦਾ ਉਦਘਾਟਨ ਕੀਤਾ। ਫੁੱਲਾਂ ਦੀ ਖੇਤੀ ਅਤੇ ਗੁਣਵੱਤਾ ਭਰਪੂਰ ਬੀਜ ਉਤਪਾਦਨ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸਥਾਪਤ ਇਸ ਅਤਿ-ਆਧੁਨਿਕ ਕੇਂਦਰ 'ਤੇ 8.50 ਕਰੋੜ ਰੁਪਏ ਦੀ ਲਾਗਤ ਆਈ ਹੈ। ਇਹ ਕੇਂਦਰ ਖੇਤਰ ਦੇ ਕਿਸਾਨਾਂ ਨੂੰ ਆਧੁਨਿਕ ਤਕਨੀਕਾਂ ਨਾਲ ਜੋੜਨ ਅਤੇ ਬਾਗ਼ਬਾਨੀ ਖੇਤਰ ਵਿੱਚ ਨਵੀਆਂ ਸੰਭਾਵਨਾਵਾਂ ਵਿਕਸਤ ਕਰਨ ਵਿੱਚ



ਮਹੱਤਵਪੂਰਨ ਭੂਮਿਕਾ ਨਿਭਾਏਗਾ।

ਇਸ ਤੋਂ ਬਾਅਦ ਮੁੱਖ ਮੰਤਰੀ ਨੇ ਬਾਦਲੀ ਵਿੱਚ 23.41 ਕਰੋੜ ਰੁਪਏ ਦੀ ਲਾਗਤ ਨਾਲ ਨਿਰਮਿਤ ਨਵੇਂ ਮਿੰਨੀ ਸਕੱਤਰੇਤ ਅਤੇ ਉਸ ਦੇ ਰਿਹਾਇਸ਼ੀ ਪਰਿਸਰ ਦਾ ਲੋਕ ਅਰਪਣ ਕੀਤਾ। ਇਸ ਪ੍ਰੋਜੈਕਟ ਨਾਲ ਪ੍ਰਸ਼ਾਸਨਿਕ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਦੇ ਨਾਲ-ਨਾਲ ਆਮ ਲੋਕਾਂ ਨੂੰ ਬਿਹਤਰ ਸਹੂਲਤਾਂ ਉਪਲਬਧ ਹੋਣਗੀਆਂ।

ਮੁੱਖ ਮੰਤਰੀ ਨੇ ਪਿੰਡ ਰਈਆ ਵਿੱਚ 13.27 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਤ ਮਹਾਰਾਣਾ ਪ੍ਰਤਾਪ ਬਾਗ਼ਬਾਨੀ ਯੂਨੀਵਰਸਿਟੀ, ਕਰਨਾਲ ਦੇ ਬਾਗ਼ਬਾਨੀ ਖੋਜ ਕੇਂਦਰ ਦਾ ਵੀ ਉਦਘਾਟਨ ਕੀਤਾ। ਇਹ ਕੇਂਦਰ ਬਾਗ਼ਬਾਨੀ ਖੋਜ, ਨਵੀਆਂ ਕਿਸਮਾਂ ਦੇ ਵਿਕਾਸ ਅਤੇ ਕਿਸਾਨਾਂ ਨੂੰ ਤਕਨੀਕੀ ਮਾਰਗਦਰਸ਼ਨ ਪ੍ਰਦਾਨ ਕਰਨ ਵਿੱਚ ਸਹਾਈ ਸਿੱਧ ਹੋਵੇਗਾ।

ਸਿੱਖਿਆ ਖੇਤਰ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਮੁੱਖ ਮੰਤਰੀ ਨੇ ਵੱਖ-ਵੱਖ ਸਕੂਲਾਂ ਦੀਆਂ ਨਵੀਆਂ ਇਮਾਰਤਾਂ ਦੇ ਪ੍ਰੋਜੈਕਟਾਂ ਦਾ ਵੀ ਉਦਘਾਟਨ ਕੀਤਾ। ਪਿੰਡ ਪਾਟੌਦਾ ਵਿੱਚ 9.71 ਕਰੋੜ ਰੁਪਏ ਲਾਗਤ ਨਾਲ ਨਿਰਮਿਤ ਸਰਕਾਰੀ ਮਾਡਲ ਸੰਸਕ੍ਰਿਤੀ ਸੀਨੀਅਰ ਸੈਕੰਡਰੀ ਸਕੂਲ ਦੀ ਨਵੀਂ ਇਮਾਰਤ ਵਿਦਿਆਰਥੀਆਂ ਨੂੰ ਆਧੁਨਿਕ ਵਿਦਿਅਕ ਵਾਤਾਵਰਣ ਉਪਲਬਧ ਕਰਵਾਏਗੀ। ਪਿੰਡ ਲੁਹਾਰੀ ਵਿੱਖ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ 2.21 ਕਰੋੜ ਰੁਪਏ ਦੀ ਲਾਗਤ ਨਾਲ ਨਵੀਂ ਇਮਾਰਤ ਤਿਆਰ ਕੀਤੀ ਗਈ ਹੈ। ਪਿੰਡ ਖੁਡਨ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਦੀ ਨਵੀਂ ਇਮਾਰਤ 'ਤੇ 2.46 ਕਰੋੜ ਰੁਪਏ ਦੀ ਲਾਗਤ ਆਈ ਹੈ। ਪਿੰਡ ਉਖਲਚਾਨਾ ਕੋਟ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ 1.99 ਕਰੋੜ ਰੁਪਏ ਦੀ ਲਾਗਤ ਨਾਲ ਸਕੂਲ ਦੀ ਨਵੀਂ ਬਿਲਡਿੰਗ ਦਾ ਨਿਰਮਾਣ ਕਰਵਾਇਆ ਗਿਆ ਹੈ। ਪਿੰਡ ਸੁਰਹੇਤੀ ਵਿੱਚ ਸਰਕਾਰੀ ਸੀਨੀਅਰ ਸਕੂਲ ਦੀ ਨਵੀਂ ਇਮਾਰਤ 'ਤੇ 6.41 ਕਰੋੜ ਰੁਪਏ ਖ਼ਰਚ ਕੀਤੇ ਗਏ ਹਨ। ਇਨ੍ਹਾਂ ਪ੍ਰੋਜੈਕਟਾਂ ਨਾਲ ਵਿਦਿਆਰਥੀਆਂ ਨੂੰ ਬਿਹਤਰ ਵਿਦਿਅਕ ਸਹੂਲਤਾਂ ਮਿਲਣਗੀਆਂ।

ਮੁੱਖ ਮੰਤਰੀ ਨੇ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਦੀ 7.41 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਤਹਿਤ ਪਿੰਡ ਸੌਂਧੀ ਅਤੇ ਨਿਮਾਨਾ ਦੇ ਲਈ ਨਵੀਂ ਜਲ ਸਪਲਾਈ ਵਿਵਸਥਾ ਦਾ ਵੀ ਸ਼ੁਭਾਰੰਭ ਕੀਤਾ। ਇਸ ਪ੍ਰੋਜੈਕਟ ਨਾਲ ਦੋਵਾਂ ਪਿੰਡਾਂ ਦੇ ਨਿਵਾਸੀਆਂ ਨੂੰ ਸਾਫ਼ ਅਤੇ ਲੋੜੀਂਦਾ ਪੀਣ ਵਾਲਾ ਪਾਣੀ ਉਪਲਬਧ ਹੋਵੇਗਾ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਜ ਸਰਕਾਰ ਸੂਬੇ ਦੇ ਸੰਤੁਲਿਤ ਅਤੇ ਸਮੁੱਚੇ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਨੇ ਕਿਹਾ ਕਿ ਵਿਕਾਸ ਕਾਰਜਾਂ ਦਾ ਲਾਭ ਆਖਰੀ ਲਾਈਨ ਵਿੱਚ ਖੜ੍ਹੇ ਵਿਅਕਤੀ ਤੱਕ ਪਹੁੰਚਾਉਣਾ ਸਰਕਾਰ ਦੀ ਪਹਿਲ ਹੈ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਖੇਤਰ ਦੇ ਸਮਾਜਿਕ ਅਤੇ ਆਰਥਿਕ ਵਿਕਾਸ ਨੂੰ ਨਵੀਂ ਗਤੀ ਮਿਲੇਗੀ।














